World Punjabi News Network
WORLD PUNJABI NEWS
ਪੰਜਾਬੀ | ਪੰਜਾਬੀ
ਲੋਕ ਹਿੱਤ ਵਿੱਚ ਪੱਤਰਕਾਰੀ
@worldpunjabinews
@worldpunjabinewstv
@wpunjabinews
@worldpunjabinews
@worldpunjabinews



# ਕਰੋਨਾ: ਭਾਰਤ ਵਿਚ ਰਿਕਾਰਡ 4,187 ਮੌਤਾਂ



**ਨਵੀਂ ਦਿੱਲੀ।** ਇਕ ਦਿਨ ਵਿੱਚ 4,01,078 ਹੋਰ ਨਵੇਂ ਕੇਸ ਹਸਪਤਾਲਾਂ ਤੇ ਨਰਸਿੰਗ ਹੋਮਜ਼ ਨੂੰ ਕੋਵਿਡ ਦੇ ਮਰੀਜ਼ਾਂ ਦੇ ਇਲਾਜ ਲਈ ਦੋ ਲੱਖ ਤੋਂ ਵੱਧ ਤੱਕ ਦੀ ਰਾਸ਼ੀ ਨਕਦ ਲੈਣ ਦੀ ਮਨਜ਼ੂਰੀ ਭਾਰਤ ਵਿਚ ਅੱਜ ਕਰੋਨਾਵਾਇਰਸ ਕਾਰਨ ਰਿਕਾਰਡ 4,187 ਮੌਤਾਂ ਹੋਈਆਂ ਜਿਸ ਨਾਲ ਇਸ ਮਹਾਮਾਰੀ ਕਾਰਨ ਹੋਣ ਵਾਲੀਆਂ ਕੁੱਲ ਮੌਤਾਂ ਦਾ ਅੰਕੜਾ ਵਧ ਕੇ 2,38,270 ’ਤੇ ਪਹੁੰਚ ਗਿਆ ਹੈ ਜਦਕਿ ਪਿਛਲੇ 24 ਘੰਟਿਆਂ ਵਿਚ ਕਰੋਨਾ ਦੇ 4,01,078 ਨਵੇਂ ਕੇਸ ਸਾਹਮਣੇ ਆਏ ਹਨ ਤੇ ਇਸ ਨਾਲ ਹੁਣ ਤੱਕ ਦੇਸ਼ ਵਿਚ ਕਰੋਨਾਵਾਇਰਸ ਲਾਗ ਦੇ ਕੁੱਲ ਕੇਸਾਂ ਦੀ ਗਿਣਤੀ 2,18,92,676 ਹੋ ਗਈ ਹੈ। ਕੇਂਦਰੀ ਸਿਹਤ ਮੰਤਰਾਲੇ ਵੱਲੋਂ ਅੱਜ ਸਵੇਰੇ 8 ਵਜੇ ਜਾਰੀ ਕੀਤੇ ਗਏ ਅੰਕੜੇ ਦਿਖਾਉਂਦੇ ਹਨ ਕਿ ਕਰੋਨਾ ਦੇ ਨਵੇਂ ਕੇਸਾਂ ਦੀ ਗਿਣਤੀ ਵਿਚ ਲਗਾਤਾਰ ਹੋ ਰਹੇ ਭਾਰੀ ਵਾਧੇ ਕਾਰਨ ਦੇਸ਼ ਵਿਚ ਐਕਟਿਵ ਕੇਸਾਂ ਦੀ ਗਿਣਤੀ ਵਧ ਕੇ 37,23,446 ਹੋ ਗਈ ਹੈ ਜੋ ਕਿ ਕੁੱਲ ਕੇਸਾਂ ਦਾ 17.01 ਫ਼ੀਸਦ ਹੈ ਜਦਕਿ ਕਰੋਨਾ ਤੋਂ ਉੱਭਰ ਕੇ ਮਰੀਜ਼ਾਂ ਦੇ ਠੀਕ ਹੋਣ ਦੀ ਦਰ ਡਿੱਗ ਕੇ 81.90 ਫ਼ੀਸਦ ’ਤੇ ਪਹੁੰਚ ਗਈ ਹੈ। ਹੁਣ ਤੱਕ ਕੁੱਲ 1,79,30,960 ਮਰੀਜ਼ ਇਸ ਬਿਮਾਰੀ ਤੋਂ ਉੱਭਰ ਕੇ ਤੰਦਰੁਸਤ ਹੋ ਚੁੱਕੇ ਹਨ। ਦੇਸ਼ ਵਿਚ ਮੌਤਾਂ ਦੀ ਦਰ 1.09 ਫ਼ੀਸਦ ਦਰਜ ਕੀਤੀ ਗਈ ਹੈ। ਇਸੇ ਦੌਰਾਨ ਆਮਦਨ ਕਰ ਵਿਭਾਗ ਨੇ ਇਕ ਨੋਟੀਫਿਕੇਸ਼ਨ ਜਾਰੀ ਕਰ ਕੇ ਕਰੋਨਾਵਾਇਰਸ ਦੇ ਮਰੀਜ਼ਾਂ ਦੇ ਇਲਾਜ ਲਈ ਹਸਪਤਾਲਾਂ ਅਤੇ ਨਰਸਿੰਗ ਹੋਮਜ਼ ਨੂੰ 2 ਲੱਖ ਰੁਪਏ ਜਾਂ ਇਸ ਤੋਂ ਵੱਧ ਨਕਦ ਲੈਣ ਦੀ ਮਨਜ਼ੂਰੀ ਦੇ ਦਿੱਤੀ ਹੈ। ਸੈਂਟਰਲ ਬੋਰਡ ਆਫ਼ ਡਾਇਰੈਕਟ ਟੈਕਸਿਜ਼ (ਸੀਬੀਡੀਟੀ) ਜਿਸ ਨੇ ਵਿਭਾਗ ਲਈ ਇਹ ਨੀਤੀ ਬਣਾਈ ਹੈ, ਵੱਲੋਂ ਸ਼ੁੱਕਰਵਾਰ ਨੂੰ ਇਹ ਨੋਟੀਫਿਕੇਸ਼ਨ ਜਾਰੀ ਕੀਤੀ ਗਈ। ਇਸ ਵਿਚ ਕਿਹਾ ਗਿਆ ਹੈ ਕਿ ਹਸਪਤਾਲਾਂ, ਡਿਸਪੈਂਸਰੀਆਂ, ਨਰਸਿੰਗ ਹੋਮਜ਼, ਕੋਵਿਡ ਕੇਅਰ ਸੈਂਟਰਾਂ ਜਾਂ ਇਸੇ ਤਰ੍ਹਾਂ ਦੇ ਹੋਰ ਸਿਹਤ ਕੇਂਦਰ ਜੋ ਕੋਵਿਡ-19 ਦੇ ਮਰੀਜ਼ਾਂ ਦਾ ਇਲਾਜ ਕਰ ਰਹੇ ਹਨ ਨੂੰ ‘ਆਮਦਨ ਕਰ ਐਕਟ ਦੀ ਧਾਰਾ 269ਐੱਸਟੀ ਤੋਂ ਛੋਟ ਦਿੱਤੀ ਜਾਂਦੀ ਹੈ। ਨੋਟੀਫਿਕੇਸ਼ਨ ਅਨੁਸਾਰ ਇਹ ਤਾਜ਼ਾ ਪ੍ਰਬੰਧ ਪਹਿਲੀ ਅਪਰੈਲ ਤੋਂ 31 ਮਈ ਤੱਕ ਲਈ ਕੀਤਾ ਗਿਆ ਹੈ।

### ਮਹਾਰਾਸ਼ਟਰ ਵਿਚ ਦੋ ਡਾਕਟਰਾਂ ’ਤੇ ਹਮਲਾ

ਇੱਥੇ ਅੱਜ ਦੋ ਅਣਪਛਾਤੇ ਵਿਅਕਤੀਆਂ ਨੇ ਇਕ ਛੋਟੀ ਜਿਹੀ ਗੱਲ ’ਤੇ ਇੱਥੋਂ ਦੇ ਸਰਕਾਰੀ ਮੈਡੀਕਲ ਕਾਲਜ ਤੇ ਹਸਪਤਾਲ ਵਿਚ ਕੰਮ ਕਰਦੇ ਦੋ ਡਾਕਟਰਾਂ ’ਤੇ ਹਮਲਾ ਕਰ ਦਿੱਤਾ। ਇਹ ਘਟਨਾ ਸ਼ਾਮ 6.30 ਵਜੇ ਉਸ ਵੇਲੇ ਵਾਪਰੀ ਜਦੋਂ ਡਾ. ਕਵਾਜਾ ਸਦੁੱਲਾਹ ਤੇ ਡਾ. ਫ਼ਰਾਜ਼ ਅਹਿਮਦ ਇਕ ਫਲਾਂ ਵਾਲੀ ਦੁਕਾਨ ’ਤੇ ਜਾ ਰਹੇ ਸਨ।

## ਲੌਕਡਾਊਨ ਖ਼ਿਲਾਫ਼ ਰੋਸ ਮੁਜ਼ਾਹਰਿਆਂ ਨੂੰ ਰਲਿਆ-ਮਿਲਿਆ ਹੁੰਗਾਰਾ

**ਚੰਡੀਗੜ੍ਹ।** ਮਾਲਵੇ ’ਚ ਰੋਸ ਮੁਜ਼ਾਹਰਿਆਂ ਨੂੰ ਮਿਲਿਆ ਵੱਡਾ ਹੁੰਗਾਰਾ ਕਈ ਥਾਈਂ ਦੁਕਾਨਦਾਰਾਂ ਨੇ ਵੀ ਕੀਤੀ ਸ਼ਮੂਲੀਅਤ ਕਿਸਾਨਾਂ ਨੇ ਸਰਕਾਰ ’ਤੇ ਲਾਏ ਸਿਹਤ ਢਾਂਚਾ ਫੇਲ੍ਹ ਕਰਕੇ ਲੋਕਾਂ ਦੀ ਜਾਨ ਖਤਰੇ ’ਚ ਪਾਉਣ ਦੇ ਦੋਸ਼ ਪੰਜਾਬ ਦੀਆਂ 32 ਕਿਸਾਨ-ਜਥੇਬੰਦੀਆਂ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਕਰੋਨਾ ਦੇ ਨਾਂ ਹੇਠ ਲਾਈਆਂ ਪਾਬੰਦੀਆਂ ਖ਼ਿਲਾਫ਼ ਕੀਤੇ ਵਿਰੋਧ ਪ੍ਰਦਰਸ਼ਨਾਂ ਨੂੰ ਰਲਵਾਂ-ਮਿਲਵਾਂ ਹੁੰਗਾਰਾ ਮਿਲਿਆ ਹੈ। ਕਿਸਾਨ-ਜਥੇਬੰਦੀਆਂ ਨੇ ਵਪਾਰੀਆਂ, ਦੁਕਾਨਦਾਰਾਂ ਅਤੇ ਮਜ਼ਦੂਰਾਂ ਨਾਲ ਇਕਜੁੱਟਤਾ ਜ਼ਾਹਿਰ ਕਰਦਿਆਂ ਸ਼ਹਿਰਾਂ ਦੇ ਬਾਜ਼ਾਰਾਂ ਅਤੇ ਪਿੰਡਾਂ ’ਚ ਰੋਸ ਮਾਰਚ ਕੱਢੇ ਅਤੇ ਦੁਕਾਨਾਂ ਖੋਲ੍ਹਣ ਦਾ ਸੱਦਾ ਦਿੱਤਾ। ਵਿਰੋਧ ਪ੍ਰਦਰਸ਼ਨਾਂ ਨੂੰ ਮਾਲਵੇ ’ਚ ਵੱਡਾ ਹੁੰਗਾਰਾ ਮਿਲਿਆ। ਮੋਗਾ, ਬਰਨ-ਾਲਾ, ਬਠਿੰਡਾ, ਮਾਨਸਾ, ਸੰਗਰੂਰ, ਪਟਿਆਲਾ, ਲੁਧਿਆਣਾ, ਜਲੰਧਰ, ਫਰੀਦਕੋਟ, ਫਿਰੋਜ਼ਪੁਰ, ਅੰਮ੍ਰਿਤਸਰ, ਤਰਨ ਤਾਰਨ ਜ਼ਿਲ੍ਹਿਆਂ ਸਮੇਤ ਪੰਜਾਬ ’ਚ 200 ਤੋਂ ਵੱਧ ਥਾਵਾਂ ’ਤੇ ਹੋਏ ਵਿਰੋਧ



ਪ੍ਰਦਰਸ਼ਨਾਂ ਦੌਰਾਨ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਪਾਬੰਦੀਆਂ ਨਾਲ ਭੁੱਖੇ ਮਰਨ ਨਾਲੋਂ ਸੰਘਰਸ਼ ਕਰਦਿਆਂ ਮਰਨਾ ਕਿਤੇ ਚੰਗਾ ਹੈ। ਕੇਂਦਰ ਤੇ ਪੰਜਾਬ ਸਰਕਾਰ ਦੋਵੇਂ ਲੋਕਾਂ ਨੂੰ ਲੋੜੀਂਦੀਆਂ ਸਿਹਤ ਸਹੂਲਤਾਂ ਦੇਣ ’ਚ ਨਾਕਾਮ ਰਹੀਆਂ ਹਨ ਜਦਕਿ ਕਰੋਨਾ ਦੇ ਵਧਦੇ ਕੇਸਾਂ ਦਾ ਠੀਕਰਾ ਆਮ ਲੋਕਾਂ ਸਿਰ ਮੜ੍ਹਿਆ ਜਾ ਰਿਹਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਪਿਛਲੇ ਇੱਕ ਵਰ੍ਹੇ ਦੌਰਾਨ ਕੇਂਦਰ ਤੇ ਪੰਜਾਬ ਸਰਕਾਰ ਨੇ ਕਰੋਨਾ ਤੋਂ ਬਚਾਅ ਲਈ ਸਿਹਤ ਸਹੂਲਤਾਂ ’ਚ ਕਿਹੋ ਜਿਹਾ ਵਾਧਾ ਕੀਤਾ ਹੈ, ਉਹ ਕਿਸੇ ਤੋਂ ਲੁਕਿਆ ਨਹੀਂ ਹੈ। ਕਿਸਾਨ-ਆਗੂਆਂ ਨੇ ਕਿਹਾ ਕਿ ਉਹ ਜਬਰੀ ਠੋਸੀਆਂ ਜਾਣ ਵਾਲੀਆਂ ਪਾਬੰਦੀਆਂ ਖ਼ਿਲਾਫ਼ ਹਰ ਵਰਗ ਨਾਲ ਖੜ੍ਹੇ ਹਨ, ਪਰ ਜ਼ਰੂਰਤ ਹੈ ਕਿ ਸਾਰੇ ਵਰਗ ਆਪਣੀ ਭੂਮਿਕਾ ਦੀ ਪਛਾਣ ਕਰਨ। ਕਿਸਾਨ ਆਗੂਆਂ ਨੇ ਕਿਹਾ ਕਿ ਚਲਾਨ ਕੱਟ ਕੇ ਲੋਕਾਂ ਦੀਆਂ ਜੇਬਾਂ ਖਾਲੀ ਕਰਵਾਈਆਂ ਜਾ ਰਹੀਆਂ ਹਨ ਜਦਕਿ ਕੇਂਦਰ ਸਰਕਾਰ ਦੇ ਜੀਐੱਸਟੀ ਤੇ ਨੋਟਬੰਦੀ ਜਿਹੇ ਮਾਰੂ ਫੈਸਲਿਆਂ ਕਾਰਨ ਲੋਕ ਪਹਿਲਾਂ ਹੀ ਤੰਗੀਆਂ-ਤੁਰਸ਼ੀਆਂ ’ਚੋਂ ਲੰਘ ਰਹੇ ਹਨ। ਆਗੂਆਂ ਨੇ ਕਿਹਾ ਕਿ ਸਰਕਾਰ ਦੁਕਾਨਾਂ ਜਬਰੀ ਬੰਦ ਕਰਵਾ ਰਹੀ ਹੈ, ਜਿਸ ਕਾਰਨ ਪਹਿਲਾਂ ਹੀ ਇੱਕ ਸਾਲ ਦੇ ਘਾਟੇ ਦਾ ਸ਼ਿਕਾਰ ਦੁਕਾਨਦਾਰ ਮਰਨ ਕੰਢੇ ਖੜ੍ਹੇ ਹਨ। ਉਨ੍ਹਾਂ ਕੋਲ ਭੁੱਖੇ ਮਰਨ ਜਾਂ ਸੰਘਰਸ਼ ਕਰਨ ਤੋਂ ਬਿਨਾਂ ਕੋਈ ਚਾਰਾ ਨਹੀਂ ਰਿਹਾ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਨੇ ਕਿਸਾਨੀ ਅੰਦੋਲਨ ਨੂੰ ਖਤਮ ਕਰਨ ਲਈ ਲੌਕਡਾਊਨ ਲਗਾਇਆ ਹੈ ਤਾਂ ਜੋ ਕਰੋਨਾ ਤੋਂ ਡਰਦੇ ਲੋਕ ਘਰਾਂ ਅੰਦਰ ਕੈਦ ਹੋ ਜਾਣ ਅਤੇ ਦਿੱਲੀ ਦੇ ਬਾਰਡਰਾਂ ’ਤੇ ਲੱਗੇ ਮੋਰਚੇ ਖਾਲੀ ਹੋ ਜਾਣ। ਸਰਕਾਰ ਬਿਮਾਰੀ ਦੇ ਨਾਂ ’ਤੇ ਦਹਿਸ਼ਤ ਫੈਲਾਉਣ ਚਾਹੁੰਦੀ ਹੈ। ਇਸ ਕੰਮ ਵਿੱਚ ਕੈਪਟਨ ਸਰਕਾਰ, ਮੋਦੀ ਸਰਕਾਰ ਨਾਲ ਮਿਲੀ ਹੋਈ ਹੈ। ਉਨ੍ਹਾਂ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਉਹ ਲੌਕਡਾਊਨ ਦਾ ਵਿਰੋਧ ਕਰਦੇ ਹੋਏ ਆਪਣੀਆਂ ਦੁਕਾਨਾਂ ਖੋਲ੍ਹਣ।

## ਚੋਣ ਕਮਿਸ਼ਨ ਜੇ ਭਾਜਪਾ ਦੀ ਮਦਦ ਨਾ ਕਰਦਾ ਤਾਂ ਭਾਜਪਾ 30 ਸੀਟਾਂ ਨਾ ਜਿੱਤਦੀ: ਮਮਤਾ

**ਕੋਲਕਾਤਾ।** ਤੀਜੀ ਵਾਰ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਬਣੀ ਮਮਤਾ ਬੈਨਰਜੀ ਨੇ ਵਿਧਾਨ ਸਭਾ ਸੈਸ਼ਨ ਦੇ ਪਹਿਲੇ ਦਿਨ ਬੋਲਦਿਆਂ ਦੋਸ਼ ਲਗਾਇਆ ਕਿ ਚੋਣ ਕਮਿਸ਼ਨ ਨੇ ਸਿੱਧੀ ਭਾਜਪਾ ਦੀ ਮਦਦ ਕੀਤੀ ਹੈ ਤੇ ਅਤੇ ਇਸ ਲਈ ਰਾਜ ਵਿਚ ਭਾਜਪਾ ਹਿੰਸਾ ਭੜਕਾ ਰਹੀ ਹੈ। ਉਨ੍ਹਾਂ ਕਿਹਾ ਕਿ ਮੈਂ ਚੁਣੌਤੀ ਦਿੰਦੀ ਹਾਂ ਕਿ ਜੇ ਚੋਣ ਕਮਿਸ਼ਨ ਨੇ ਉਨ੍ਹਾਂ ਦੀ ਸਿੱਧੀ ਮਦਦ ਨਾ ਕੀਤੀ ਹੁੰਦੀ ਤਾਂ ਭਾਜਪਾ 30 ਸੀਟਾਂ ਵੀ ਨਾ ਜਿੱਤ ਪਾਉਂਦੀ। ਬੈਨਰਜੀ ਨੇ ਵਿਧਾਨ ਸਭਾ ਵਿੱਚ ਆਪਣੇ ਭਾਸ਼ਣ ਦੌਰਾਨ ਦੱਸਿਆ ਕਿ ਬਿਮਾਨ ਬੈਨਰਜੀ ਨੂੰ ਲਗਾਤਾਰ ਤੀਜੀ ਵਾਰ ਸਪੀਕਰ ਚੁਣਿਆ ਗਿਆ ਹੈ। ਰਾਜ ਵਿਚ ਹਿੰਸਾ ਭੜਕਾਉਣ ਲਈ ਭਾਜਪਾ ਵਿਰੁੱਧ ਸਖ਼ਤ ਚੇਤਾਵਨੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਛੇ ਮਹੀਨਿਆਂ ਤੋਂ ਉਨ੍ਹਾਂ ਨੇ ਦੇਸ਼ ਨੂੰ ਤਬਾਹੀ ਦੇ ਕੰਢੇ ਵੱਲ ਲਿਜਾਣ ਤੋਂ ਬਿਨਾਂ ਕੁਝ ਨਹੀਂ ਕੀਤਾ। ਉਨ੍ਹਾਂ ਦਾ ਸਿਰਫ ਇੱਕੋ ਇੱਕ ਨਿਸ਼ਾਨਾ ਸੀ ਅਤੇ ਉਹ ਸੀ ਬੰਗਾਲ ’ਤੇ ਕਬਜ਼ਾ ਕਰਨਾ ਅਤੇ ਹੁਣ ਭਾਜਪਾ ਆਮ ਆਦਮੀ ਦੇ ਫ਼ਤਵੇ ਨੂੰ ਸਵੀਕਾਰ ਨਹੀਂ ਕਰ ਰਹੀ ਅਤੇ ਇਸੇ ਕਾਰਨ ਰਾਜ ਵਿਚ ਹਿੰਸਾ ਭੜਕਾਉਣ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਜਾਅਲੀ ਵੀਡੀਓ ਪੋਸਟਾਂ ਪਾਈਆਂ ਜਾ ਰਹੀਆਂ ਹਨ। ਉਨ੍ਹਾਂ ਪ੍ਰਸ਼ਾਸਨ ਨੂੰ ਰਾਜ ਵਿੱਚ ਫਿਰਕੂ ਭਾਸ਼ਣ ਦੇਣ ਵਾਲਿਆਂ ਵਿਰੁੱਧ ਸਖਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ।



OUR PARTNERS IN PROMOTION
WORLD PUNJABI NEWS NETWORK
whitecloud.in WHITECLOUD INTERNATIONAL
WEB PRESENCE PROVIDER
SmartBrainz EXPLORE. CHOOSE. BUY.
TECHNOLOGY PROVIDER
WORLD PUNJABI NEWS NETWORK
NEWS & MEDIA PARTNER
ADVERTISE WITH US
+91 98155 88388
worldpunjabinews@gmail.com

# ਆਦਿ ਕਾਲ ਤੋਂ ਹੀ ਤਿਆਗ, ਮਮਤਾ ਤੇ ਪਿਆਰ ਦੀ ਮੂਰਤ ਹੈ 'ਮਾਂ'



ਮਾਂ ਦਿਵਸ 1908 ਤੋਂ ਹੋਂਦ ਵਿਚ ਆਇਆ। ਮਾਂ ਆਦਿ ਕਾਲ ਤੋਂ ਹੀ ਤਿਆਗ, ਮਮਤਾ ਅਤੇ ਪਿਆਰ ਦੀ ਮੂਰਤੀ ਹੈ, ਇਸੇ ਦੇ ਸਤਿਕਾਰ 'ਚ 'ਮਾਂ ਦਿਵਸ' ਮਨਾਇਆ ਜਾਂਦਾ ਹੈ। 1870 'ਚ ਅਮਰੀਕੀ ਸਮਾਜ ਸੇਵਿਕਾ 'ਜੂਲੀਆ ਵਾਰਡ ਹੋਵੇ' ਨੇ ਪਹਿਲੀ ਵਾਰ ਇਸ ਦਾ ਨਾਂ 'ਅਮਰੀਕੀ ਸਿਵਲ ਵਾਰ' ਅਤੇ 'ਫ੍ਰੈਂਕੋ ਪਰਸ਼ੀਅਨ ਵਾਰ' ਦੀ ਬਰਬਾਦੀ ਦੇਖ ਕੇ ਲਿਆ। ਜੂਲੀਆ ਨੇ ਅੰਤਰਰਾਸ਼ਟਰੀ ਪੀਸ ਕਾਨਫਰੰਸ, ਜੋ ਲੰਡਨ ਅਤੇ ਪੈਰਿਸ 'ਚ ਹੋਈ ਸੀ, 'ਚ ਸ਼ਾਂਤੀ ਦਾ ਮੁੱਦਾ ਚੁੱਕਿਆ। ਉਨ੍ਹਾਂ ਨੇ ਇਕੱਲਿਆਂ ਹੀ ਸਭ ਔਰਤਾਂ ਨੂੰ ਯੁੱਧ ਦੇ ਵਿਰੋਧ 'ਚ ਖੜ੍ਹੇ ਹੋਣ ਦੀ ਪ੍ਰਾਰਥਨਾ ਕੀਤੀ। ਉਸੇ ਸਾਲ ਜੂਲੀਆ ਨੇ 'ਬੋਸਟਨ' 'ਚ ਇਕ ਜ਼ਬਰਦਸਤ ਭਾਸ਼ਣ ਦਿੱਤਾ ਜੋ ਅਸਲ 'ਚ ਸ਼ਾਂਤੀ ਲਈ 'ਮਦਰਸ ਡੇ' ਦਾ ਮੁੱਦਾ ਸੀ। ਇਹ ਕਈ ਭਾਸ਼ਾਵਾਂ 'ਚ ਛਪਿਆ ਤੇ ਵੰਡਿਆ ਗਿਆ। ਜੂਲੀਆ ਨੂੰ ਸ਼ਾਂਤੀ ਲਈ 'ਮਦਰਸ ਡੇ' ਦਾ ਵਿਚਾਰ 'ਐਨ ਮੈਰੀ ਰੀਵਜ਼ ਜਾਰਵਿਸ' ਤੋਂ ਮਿਲਿਆ ਸੀ, ਜਿਸ ਨੇ 1858 'ਚ ਸਾਫ਼-ਸਫ਼ਾਈ ਮੁਹਿੰਮ ਚਲਾਈ, ਜਿਸ ਨੂੰ ਉਸ ਨੇ 'ਮਦਰਸ ਫ੍ਰੈਂਡਸ਼ਿਪ ਡੇ' ਦਾ ਨਾਂ ਦਿਤਾ ਸੀ। ਫਿਰ ਸੰਨ 1900 'ਚ ਜਾਰਵਿਸ ਸਿਵਲ ਵਾਰ ਤੋਂ ਬਾਅਦ ਲੋਕਾਂ ਨੂੰ ਦੁਬਾਰਾ ਵਸਾਉਣ ਲੱਗ ਪਈ। ਪਿੱਛੋਂ ਜਾਰਵਿਸ ਦੀ ਬੇਟੀ ਐਨਾ ਜਾਰਵਿਸ ਨੇ ਇਸ ਦਿਨ ਨੂੰ ਅੱਜ ਦੇ ਯੁੱਗ 'ਚ ਮਨਾਏ ਜਾਣ ਵਾਲੇ 'ਮਦਰਸ ਡੇ' ਦੇ ਰੂਪ 'ਚ ਪਰਿਭਾਸ਼ਤ ਕੀਤਾ।

9 ਮਈ 1905 'ਚ ਐਨ ਰੀਵਜ਼ ਜਾਰਵਿਸ ਦਾ ਦਿਹਾਂਤ ਹੋ ਗਿਆ। ਉਹ ਆਖਰੀ ਸਮੇਂ 'ਚ ਕਾਫ਼ੀ ਬੀਮਾਰ ਰਹੀ। ਉਨ੍ਹਾਂ ਦੀ ਬੇਟੀ ਐਨਾ ਨੇ ਉਨ੍ਹਾਂ ਦੀ ਬਹੁਤ ਸੇਵਾ ਕੀਤੀ, ਇਥੋਂ ਤਕ ਕਿ ਉਸ ਨੇ ਵਿਆਹ ਵੀ ਨਹੀਂ ਕੀਤਾ। ਐਨਾ ਨੂੰ ਲੱਗਦਾ ਸੀ ਕਿ ਅਕਸਰ ਬੱਚੇ ਮਾਂ ਦੇ ਜੀਵਨ ਕਾਲ 'ਚ ਉਸ ਨੂੰ ਨਜ਼ਰਅੰਦਾਜ਼ ਕਰਦੇ ਹਨ, ਉਸ ਨੂੰ ਓਨਾ ਮਹੱਤਵ ਨਹੀਂ ਦਿੰਦੇ ਜਿਸ ਦੀ ਕਿ ਉਹ ਹੱਕਦਾਰ ਹੈ। ਐਨਾ ਖ਼ੁਦ ਆਪਣੀ ਮਾਂ ਨੂੰ ਬਹੁਤ ਯਾਦ ਕਰਦੀ ਸੀ। 1907 'ਚ ਐਨਾ ਨੇ ਆਪਣੇ ਦੋਸਤਾਂ ਨੂੰ ਦਸਿਆ ਕਿ ਉਹ ਆਪਣੀ ਮਾਂ ਦੀ ਚਲਾਈ ਮੁਹਿੰਮ ਨੂੰ ਆਪਣਾ ਜੀਵਨ ਸਮਰਪਿਤ ਕਰਨਾ ਚਾਹੁੰਦੀ ਹੈ ਅਤੇ ਇਕ 'ਮਦਰਸ ਡੇ' ਬਣਾਉਣਾ ਚਾਹੁੰਦੀ ਹੈ, ਜੋ ਜੀਵਤ ਅਤੇ ਮਰ ਚੁੱਕੀਆਂ ਸਭ ਮਾਵਾਂ ਦੀ ਯਾਦ 'ਚ ਹੋਵੇ। ਉਸ ਨੇ ਆਪਣੇ ਦੋਸਤਾਂ ਨਾਲ ਰਲ ਕੇ ਇਕ ਲਹਿਰ ਚਲਾਈ, ਜਿਸ 'ਚ ਉਹ ਮੰਤਰੀਆਂ, ਵਪਾਰੀਆਂ ਅਤੇ ਕਾਂਗਰਸੀਆਂ ਭਾਵ ਅੰਤਰਰਾਸ਼ਟਰੀ ਮਹਿਲਾ ਪੀਸ ਕਾਂਗਰਸ ਦੇ ਮੈਂਬਰਾਂ ਨੂੰ ਲਗਾਤਾਰ ਪੱਤਰ-ਵਿਹਾਰ ਰਾਹੀਂ ਮਜਬੂਰ ਕਰਦੀ ਰਹੀ ਕਿ 'ਮਦਰਸ ਡੇ' ਨੂੰ ਨੈਸ਼ਨਲ ਡੇ ਮੰਨ ਕੇ ਛੁੱਟੀ ਐਲਾਨੀ ਜਾਵੇ। ਉਸ ਨੂੰ ਲੱਗਦਾ ਸੀ ਕਿ ਇੰਝ ਕਰਨ ਨਾਲ ਬੱਚਿਆਂ ਦੇ ਮਨ 'ਚ ਮਾਤਾ-ਪਿਤਾ ਲਈ ਇੱਜ਼ਤ ਵਧ ਜਾਵੇਗੀ।

10 ਮਈ 1908 ਨੂੰ ਗਰਾਟਨ 'ਚ 'ਐਂਡ੍ਰਿਊਸ ਮੈਥੋਡਿਸਟ' ਨਾਮੀ ਚਰਚ ਨੇ ਸਭ ਤੋਂ ਪਹਿਲਾਂ 'ਮਦਰਸ ਡੇ' ਮਨਾਇਆ। ਗਿਆ। ਇਹ ਉਹ ਥਾਂ ਸੀ ਜਿਥੇ ਐਨ ਮੈਰੀ ਰੀਵਜ਼ ਜਾਰਵਿਸ 20 ਸਾਲ ਤਕ ਐਤਵਾਰ ਸਕੂਲ ਦੀਆਂ ਕਲਾਸਾਂ ਚਲਾਉਂਦੀ ਰਹੀ। ਇਸੇ ਦਿਨ ਫਿਲਾਡੇਲਫੀਆ 'ਚ, ਜਿਥੇ ਜਾਰਵਿਸ ਦਾ ਦੇਹਾਂਤ ਹੋਇਆ ਸੀ, ਇਹ ਦਿਨ ਮਨਾਇਆ ਗਿਆ। ਇਸ ਗੱਲ ਨੂੰ ਇੰਨੀ ਜ਼ਿਆਦਾ ਪ੍ਰਸਿੱਧੀ ਮਿਲੀ ਕਿ 12 ਦਸੰਬਰ 1912 'ਚ 'ਦਿ ਮਦਰਸ ਡੇ ਇੰਟਰਨੈਸ਼ਨਲ ਐਸੋਸੀਏਸ਼ਨ' ਦਾ ਗਠਨ ਹੋਇਆ।

***ਇਸ ਤਿਓਹਾਰ ਦੀ ਸਫ਼ਲਤਾ ਦਾ ਕਾਰਨ ਮਾਂ ਨਾਲ ਜੁੜੀਆਂ ਭਾਵਨਾਵਾਂ ਹਨ। ਮਾਵਾਂ ਨੂੰ ਤਾਂ ਭਾਰਤ 'ਚ ਪਹਿਲਾਂ ਹੀ ਪੂਜਿਆ ਜਾਂਦਾ ਹੈ। ਇਹ ਤਿਓਹਾਰ ਸਾਨੂੰ ਸੋਚਣ ਲਈ ਮਜਬੂਰ ਕਰ ਦਿੰਦਾ ਹੈ ਕਿ ਮਾਂ ਦਾ ਸਾਡੇ ਜੀਵਨ 'ਚ ਕੀ ਮਹੱਤਵ ਹੈ। ਮਾਂ ਨੇ ਸਾਨੂੰ ਜਨਮ ਦਿੱਤਾ, ਨਿਰਸਵਾਰਥ ਹੋ ਕੇ ਸਾਡਾ ਪਾਲਣ ਪੋਸ਼ਣ ਕੀਤਾ। ਜਦੋਂ ਸਾਨੂੰ ਹੋਸ਼ ਵੀ ਨਹੀਂ ਹੁੰਦਾ ਤਾਂ ਮਾਂ ਸਾਡੀ ਹਰ ਤਰ੍ਹਾਂ ਹਿਫਾਜ਼ਤ ਕਰਦੀ ਹੈ। ਮਾਂ ਤੋਂ ਵੀ ਵਧੇਰੇ ਮਹਾਨ ਉਸ ਦੀ ਮਮਤਾ ਹੈ, ਜੋ ਉਸ ਦੇ ਜੀਵਨ ਕਾਲ 'ਚ ਕਦੇ ਖਤਮ ਨਹੀਂ ਹੁੰਦੀ। ਮਾਂ ਇੱਕ ਅਜਿਹਾ ਰਿਸ਼ਤਾ ਹੈ, ਜਿਸ 'ਤੇ ਬੱਚਾ ਅੱਖਾਂ ਮੀਟ ਕੇ ਵਿਸ਼ਵਾਸ ਕਰ ਸਕਦਾ ਹੈ। ਅੱਜ ਦੀ ਔਰਤ ਪਹਿਲਾਂ ਨਾਲੋਂ ਕਿਤੇ ਮਾਡਰਨ ਅਤੇ ਮਜ਼ਬੂਤ ਹੈ। ਮਾਵਾਂ ਦੇ ਅਕਸ 'ਚ ਜ਼ਮੀਨ ਅਸਮਾਨ ਦਾ ਫ਼ਰਕ ਆਇਆ ਹੈ ਪਰ ਮਮਤਾ ਅੱਜ ਵੀ ਉਹੀ ਹੈ। ਇਸ ਦਿਨ ਬੱਚੇ ਆਪਣੀ ਮਾਂ ਲਈ ਕਾਰਡ ਬਣਾਉਂਦੇ ਹਨ ਅਤੇ ਆਪਣੀਆਂ ਭਾਵਨਾਵਾਂ ਨੂੰ ਉਸ 'ਚ ਜ਼ਾਹਿਰ ਕਰਦੇ ਹਨ। ਕੁੱਝ ਬੱਚੇ ਆਪਣੀ ਮਾਂ ਨੂੰ ਇਸ ਦਿਨ ਕਿਚਨ ਤੋਂ ਛੁੱਟੀ ਦੇ ਦਿੰਦੇ ਹਨ ਅਤੇ ਖ਼ੁਦ ਮਾਂ ਲਈ ਸੁਆਦੀ ਪਕਵਾਨ ਬਣਾਉਂਦੇ ਹਨ। ਇਸ ਦਿਨ ਬੱਚੇ ਆਪਣੀ ਮਾਂ ਨੂੰ ਵੰਨ-ਸੁਵੰਨੇ ਤੋਹਫ਼ੇ ਦਿੰਦੇ ਹਨ। ਕੁੱਝ ਲੋਕ ਇਸ ਦਿਨ ਘਰਾਂ ਨੂੰ ਖ਼ੂਬ ਸਜਾਉਂਦੇ ਹਨ ਅਤੇ ਕੇਕ ਵੀ ਕੱਟਦੇ ਹਨ।***

ਇਹ ਸਭ ਦੇਖਦਿਆਂ 9 ਮਈ 1914 ਨੂੰ ਅਮਰੀਕੀ ਰਾਸ਼ਟਰਪਤੀ ਵੁਡਰੋ ਵਿਲਸਨ ਨੇ ਹਰ ਸਾਲ ਮਈ ਮਹੀਨੇ ਦੇ ਦੂਜੇ ਐਤਵਾਰ ਨੂੰ ਅਮਰੀਕਾ 'ਚ 'ਮਦਰਸ ਡੇ' ਨੂੰ ਰਾਸ਼ਟਰੀ ਦਿਨ ਐਲਾਨਿਆ। ਉਨ੍ਹਾਂ ਨੇ ਕਿਹਾ ਕਿ ਇਹ ਦਿਨ ਯੁੱਧ 'ਚ ਸ਼ਹੀਦ ਹੋਏ ਪੁੱਤਰਾਂ ਦੀਆਂ ਮਾਵਾਂ ਨੂੰ ਸਨਮਾਨ ਦੇਣ, ਦੇਸ਼ ਦੀਆਂ ਸਭ ਮਾਵਾਂ ਪ੍ਰਤੀ ਇੱਜ਼ਤ ਅਤੇ ਪਿਆਰ ਦੀ ਭਾਵਨਾ ਜਤਾਉਣ ਲਈ ਮਨਾਇਆ ਜਾਵੇਗਾ। ਸੰਨ 1911 ਤਕ ਇਹ ਦਿਨ ਅਮਰੀਕਾ 'ਚ ਹੀ ਨਹੀਂ, ਸਗੋਂ ਮੈਕਸੀਕੋ, ਕੈਨੇਡਾ, ਸਾਊਥ ਅਮਰੀਕਾ, ਚੀਨ, ਜਾਪਾਨ ਅਤੇ ਅਫ਼ਰੀਕਾ ਆਦਿ 'ਚ ਵੀ ਮਨਾਇਆ ਜਾਣ ਲੱਗ ਪਿਆ। ਸੰਨ 1934 'ਚ ਪੋਸਟ ਮਾਸਟਰ ਜਨਰਲ ਜੇਮਸ ਏ. ਫਾਰਲੇ ਨੇ 'ਮਦਰਸ ਡੇ' 'ਤੇ ਇਕ ਸਟੈਂਪ ਦਾ ਆਗਾਜ਼ ਵੀ ਕੀਤਾ। ਹੌਲੀ-ਹੌਲੀ ਇਹ ਪ੍ਰਥਾ ਭਾਰਤ 'ਚ ਜ਼ੋਰ ਫੜਨ ਲੱਗੀ। ਵਿਸ਼ਵੀਕਰਨ ਕਾਰਨ ਲਗਭਗ 10 ਸਾਲਾਂ ਤੋਂ ਇਹ ਪੱਛਮੀ ਦੇਸ਼ਾਂ ਦਾ ਤਿਓਹਾਰ ਭਾਰਤ 'ਚ ਵੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ।

ਇਸ ਤਿਓਹਾਰ ਦੀ ਸਫ਼ਲਤਾ ਦਾ ਕਾਰਨ ਮਾਂ ਨਾਲ ਜੁੜੀਆਂ ਭਾਵਨਾਵਾਂ ਹਨ। ਮਾਵਾਂ ਨੂੰ ਤਾਂ ਭਾਰਤ 'ਚ ਪਹਿਲਾਂ ਹੀ ਪੂਜਿਆ ਜਾਂਦਾ ਹੈ। ਇਹ ਤਿਓਹਾਰ ਸਾਨੂੰ ਸੋਚਣ ਲਈ ਮਜਬੂਰ ਕਰ ਦਿੰਦਾ ਹੈ ਕਿ ਮਾਂ ਦਾ ਸਾਡੇ ਜੀਵਨ 'ਚ ਕੀ ਮਹੱਤਵ ਹੈ। ਮਾਂ ਨੇ ਸਾਨੂੰ ਜਨਮ ਦਿੱਤਾ, ਨਿਰਸਵਾਰਥ ਹੋ ਕੇ ਸਾਡਾ ਪਾਲਣ ਪੋਸ਼ਣ ਕੀਤਾ। ਜਦੋਂ ਸਾਨੂੰ ਹੋਸ਼ ਵੀ ਨਹੀਂ ਹੁੰਦਾ ਤਾਂ ਮਾਂ ਸਾਡੀ ਹਰ ਤਰ੍ਹਾਂ ਹਿਫਾਜ਼ਤ ਕਰਦੀ ਹੈ। ਮਾਂ ਤੋਂ ਵੀ ਵਧੇਰੇ ਮਹਾਨ ਉਸ ਦੀ ਮਮਤਾ ਹੈ, ਜੋ ਉਸ ਦੇ ਜੀਵਨ ਕਾਲ 'ਚ ਕਦੇ ਖਤਮ ਨਹੀਂ ਹੁੰਦੀ। ਮਾਂ ਇੱਕ ਅਜਿਹਾ ਰਿਸ਼ਤਾ ਹੈ, ਜਿਸ 'ਤੇ ਬੱਚਾ ਅੱਖਾਂ ਮੀਟ ਕੇ ਵਿਸ਼ਵਾਸ ਕਰ ਸਕਦਾ ਹੈ।

ਅੱਜ ਦੀ ਔਰਤ ਪਹਿਲਾਂ ਨਾਲੋਂ ਕਿਤੇ ਮਾਡਰਨ ਅਤੇ ਮਜ਼ਬੂਤ ਹੈ। ਮਾਵਾਂ ਦੇ ਅਕਸ 'ਚ ਜ਼ਮੀਨ ਅਸਮਾਨ ਦਾ ਫ਼ਰਕ ਆਇਆ ਹੈ ਪਰ ਮਮਤਾ ਅੱਜ ਵੀ ਉਹੀ ਹੈ। ਇਸ ਦਿਨ ਬੱਚੇ ਆਪਣੀ ਮਾਂ ਲਈ ਕਾਰਡ ਬਣਾਉਂਦੇ ਹਨ ਅਤੇ ਆਪਣੀਆਂ ਭਾਵਨਾਵਾਂ ਨੂੰ ਉਸ 'ਚ ਜ਼ਾਹਿਰ ਕਰਦੇ ਹਨ। ਕੁੱਝ ਬੱਚੇ ਆਪਣੀ ਮਾਂ ਨੂੰ ਇਸ ਦਿਨ ਕਿਚਨ ਤੋਂ ਛੁੱਟੀ ਦੇ ਦਿੰਦੇ ਹਨ ਅਤੇ ਖ਼ੁਦ ਮਾਂ ਲਈ ਸੁਆਦੀ ਪਕਵਾਨ ਬਣਾਉਂਦੇ ਹਨ। ਇਸ ਦਿਨ ਬੱਚੇ ਆਪਣੀ ਮਾਂ ਨੂੰ ਵੰਨ-ਸੁਵੰਨੇ ਤੋਹਫ਼ੇ ਦਿੰਦੇ ਹਨ। ਕੁੱਝ ਲੋਕ ਇਸ ਦਿਨ ਘਰਾਂ ਨੂੰ ਖ਼ੂਬ ਸਜਾਉਂਦੇ ਹਨ ਅਤੇ ਕੇਕ ਵੀ ਕੱਟਦੇ ਹਨ।

ਮਾਂ ਦੀ ਸਿਫ਼ਤ ਕਰਨ ਲਈ ਵੈਸੇ ਤਾਂ ਅਸੀਂ ਕੁਦਰਤ ਪਾਸੋਂ ਰੱਬ ਦੀ ਉਸਤਤ ਵੀ ਉਧਾਰ ਮੰਗ ਸਕਦੇ ਹਾਂ ਪਰ ਗੱਲ ਮਾਂ ਦੇ ਉੱਚੇ ਮਾਣ-ਸਤਿਕਾਰ ਨਾਲ ਜੁੜੀ ਹੈ, ਇਸ ਲਈ ਬਿਨਾਂ ਸ਼ੱਕ ਕਿਹਾ ਜਾ ਸਕਦਾ ਹੈ ਕਿ ਮਾਂ ਦੀਆਂ ਲੋਰੀਆਂ ਵਿਚ ਸਵਰਗ ਵਰਗਾ ਅਨੰਦ ਹੈ, ਜਿਸ ਦੇ ਪਵਿੱਤਰ ਚਰਨਾਂ ਵਿਚੋਂ ਜੰਨਤ ਦਾ ਦੁਆਰ ਖੁੱਲ੍ਹਦਾ ਹੈ ਅਤੇ ਉਸ ਨਿੱਘੀ ਗੋਦ ਵਿਚ ਰੂਹਾਨੀ ਸੁੱਖਾਂ ਦੀ ਖਾਣ ਛੁਪੀ ਹੈ। ਔਲਾਦ ਲਈ ਮਾਂ ਦੀ ਮਿੱਠੜੀ ਜ਼ਬਾਨ 'ਤੇ ਅਸੀਸਾਂ, ਅੱਖਾਂ ਵਿਚ ਸੁਪਨੇ, ਢਿੱਡ ਵਿਚ ਡਰ, ਹਿਰਦੇ 'ਚ ਮਮਤਾ, ਦਿਲ ਵਿਚ ਰਹਿਮ, ਸੋਚਾਂ ਵਿਚ ਫ਼ਿਕਿਰ ਅਤੇ ਖ਼ੂਨ ਵਿਚ ਅਜ਼ੀਬ ਤੜਪ ਹਮੇਸ਼ਾ ਹੀ ਬਣੀ ਰਹਿੰਦੀ ਹੈ। ਉਹ ਔਲਾਦ ਦੇ ਖ਼ੁਸ਼ ਹੋਣ 'ਤੇ ਹੱਸਦੀ ਹੈ ਤੇ ਦੁਖੀ ਹੋਣ 'ਤੇ ਅੱਖਾਂ ਭਰਦੀ ਹੈ।

## ਮੇਰੀ ਪਿਆਰੀ ਮਾਂ

ਠੰਢੀ ਮਿੱਠੀ ਜੋ ਕਰਦੀ ਛਾਂ,
ਉਹ ਹੈ ਮੇਰੀ ਪਿਆਰੀ ਮਾਂ।
ਜਿਹੜੇ ਰੱਬ ਨੂੰ ਅਸੀ ਧਿਆਉਂਦੇ,
ਮਾਂ ਹੈ ਰੱਬ ਦਾ, ਉਹ ਦੂਜਾ ਨਾਂ।
ਠੰਢੀ ਮਿੱਠੀ ਜੋ ਕਰਦੀ ਛਾਂ,
ਉਹ ਹੈ ਮੇਰੀ ਪਿਆਰੀ ਮਾਂ।



ਜਾਗ - ਜਾਗ ਰਾਤਾਂ ਖੁਦ,
ਮੈਨੂੰ ਸੀ ਸਵਾਉਂਦੀ।
ਮਿੱਠੀਆਂ ਤੇ ਪਿਆਰੀਆ,
ਮੈਨੂੰ ਲੋਰੀਆਂ ਸੁਣਾਉਂਦੀ।
ਰੱਖਦੀ ਖਿਆਲ ਮੇਰਾ,
ਕਦੇ, ਥੱਕਦੀ ਵੀ ਨਾ।
ਠੰਢੀ ਮਿੱਠੀ ਜੋ ਕਰਦੀ ਛਾਂ,
ਉਹ ਹੈ ਮੇਰੀ ਪਿਆਰੀ ਮਾਂ।

ਹੱਥ ਮੇਰਾ ਫੜ੍ਹ,
ਮੈਨੂੰ, ਚੱਲਣਾ ਸਿਖਾਇਆ।
ਮਿੱਠੇ - ਮਿੱਠੇ ਬੋਲਾਂ ਨਾਲ,
ਮੇਰਾ ਚਿੱਤ ਪਰਚਾਇਆ।
ਕਹਾਣੀਆਂ ਚ ਦੱਸੇ, ਮੈਨੂੰ,
ਕਈਂ, ਪੰਛੀਆਂ ਦੇ ਨਾਂ।
ਠੰਢੀ ਮਿੱਠੀ ਜੋ ਕਰਦੀ ਛਾਂ,
ਉਹ ਹੈ ਮੇਰੀ ਪਿਆਰੀ ਮਾਂ।

ਬੜੀਆਂ ਰੀਝਾਂ ਨਾਲ ਮੈਨੂੰ,
ਪੜ੍ਹਨੇ ਸੀ ਪਾਇਆ।
ਸਦਾ, ਹੱਲਾ ਸ਼ੇਰੀ ਦਿੱਤੀ,
ਮੇਰਾ ਹੌਂਸਲਾ ਵਧਾਇਆ।
ਭੁੱਲਾਂਗਾ ਨਾ ਕਦੇ ਮੈ,
ਇਹ ਤੇਰਾ ਉਪਕਾਰ ਮਾਂ।
ਠੰਢੀ ਮਿੱਠੀ ਜੋ ਕਰਦੀ ਛਾਂ,
ਉਹ ਹੈ ਮੇਰੀ ਪਿਆਰੀ ਮਾਂ।



ਰਾਜੇਸ਼ ਕੁਮਾਰ ਭਗਤ
ਫੋਨ ਨੰ - 9872120435

ਸ਼ੁਕਰ ਕਰਾਂ ਸੱਚੇ ਰੱਬ ਦਾ,
ਜਿੰਨੇ, ਮਾਂ ਦਾ ਰੂਪ ਬਣਾਇਆ।
ਮਾਂ ਨਾਲ ਸਾਰੀ, ਇਹ ਦੁਨੀਆ ਚੱਲੇ,
ਮਾਂ ਵਿੱਚ ਸਾਰਾ, ਜੱਗ ਸਮਾਇਆ।
ਰਹਿੰਦੀ ਦੁਨੀਆ ਤੱਕ, ਵੱਸਦੀ ਰਹੇਂ ਤੂੰ,
ਬਸ ਮੰਗਾਂ ਇਹੀਓ ਦੁਆ।
ਠੰਢੀ ਮਿੱਠੀ ਜੋ ਕਰਦੀ ਛਾਂ,
ਉਹ ਹੈ ਮੇਰੀ ਪਿਆਰੀ ਮਾਂ।
ਉਹ ਹੈ ਮੇਰੀ ਪਿਆਰੀ ਮਾਂ

# ਗ਼ਰੀਬਾਂ ਅਤੇ ਕਿਸਾਨਾਂ ਦੇ ਮਸੀਹਾ ਡਾ. ਤਾਜਮੁਲ ਹੱਕ

ਉੱਘੇ ਖੇਤੀ ਅਰਥ ਸ਼ਾਸਤਰੀ ਡਾ. ਤਾਜਮੁਲ ਹੱਕ ਦੇ ਕੋਵਿਡ-19 ਕਾਰਨ 2 ਮਈ 2021 ਨੂੰ ਸਦੀਵੀ ਵਿਛੋੜੇ ਦੀ ਖ਼ਬਰ ਬਹੁਤ ਅਫ਼ਸੋਸਨਾਕ ਅਤੇ ਪ੍ਰੇਸ਼ਾਨੀ ਭਰੀ ਸੀ। ਅਜੇ ਤਰਕੀਬਨ 15 ਦਿਨ ਪਹਿਲਾਂ ਹੀ ਉਨ੍ਹਾਂ ਨੇ ਭਾਰਤੀ ਕਿਸਾਨ ਸੰਘ ਦੁਆਰਾ ਨਵੀਂ ਦਿੱਲੀ ਵਿਖੇ ਘੱਟੋ-ਘੱਟ ਸਮਰਥਨ ਮੁੱਲ ਬਾਰੇ ਕਰਵਾਏ ਸੈਮੀਨਾਰ ਵਿਚ ਭਾਗ ਲਿਆ ਸੀ ਅਤੇ ਕਿਹਾ ਸੀ ਕਿ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਦਿੱਤੀ ਜਾਣੀ ਚਾਹੀਦੀ ਹੈ ਜੋ ਕਿਸਾਨ ਅੰਦੋਲਨ ਨੂੰ ਚਲਾ ਰਿਹਾ ਸੰਯੁਕਤ ਕਿਸਾਨ ਮੋਰਚਾ ਮੰਗ ਕਰ ਰਿਹਾ ਹੈ। ਸੈਮੀਨਾਰ ਤੋਂ ਬਾਅਦ ਹੋਈ ਗੱਲਬਾਤ ਦੌਰਾਨ ਉਨ੍ਹਾਂ ਨੇ ਦੱਸਿਆ ਸੀ ਕਿ ਭਾਵੇਂ ਸਾਰੀਆਂ 23 ਫ਼ਸਲਾਂ ਜਿਨ੍ਹਾਂ ਦਾ ਘੱਟੋ-ਘੱਟ ਸਮਰਥਨ ਮੁੱਲ ਨਿਸ਼ਚਿਤ ਕੀਤਾ ਜਾਂਦਾ ਹੈ, ਬਾਰੇ ਗਾਰੰਟੀ ਦੇਣੀ ਸੰਭਵ ਨਹੀਂ ਪਰ ਇਨ੍ਹਾਂ ਵਿਚੋਂ ਕੁਝ ਫ਼ਸਲਾਂ ਲਈ ਇਹ ਕੰਮ ਆਸਾਨੀ ਨਾਲ ਕੀਤਾ ਜਾ ਸਕਦਾ ਹੈ। ਉਨ੍ਹਾਂ ਬਾਰੇ ਗੱਲਬਾਤ ਕਰਦਿਆਂ ਖੇਤੀ ਪਾਲਿਸੀ ਮਾਹਿਰ ਡਾ. ਦਵਿੰਦਰ ਸ਼ਰਮਾ ਨੇ ਖੁਲਾਸਾ ਕੀਤਾ ਕਿ ਕੌਮੀ ਕਿਸਾਨ ਕਮਿਸ਼ਨ ਵੱਲੋਂ ਫ਼ਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਪੈਦਾਵਾਰ ਦੀ ਲਾਗਤ ਕੀਮਤ ਤੇ 50 ਫ਼ੀਸਦੀ ਮੁਨਾਫ਼ਾ ਦੇਣ ਬਾਰੇ ਸਿਫਾਰਸ਼ ਵੀ ਡਾ. ਸਵਾਮੀਨਾਥਨ ਵੱਲੋਂ ਉਸ ਸਮੇਂ ਖੇਤੀ ਲਾਗਤ ਅਤੇ ਮੁੱਲ ਕਮਿਸ਼ਨ ਦੇ ਚੇਅਰਮੈਨ ਵਜੋਂ ਡਾ. ਹੱਕ ਨਾਲ ਸਲਾਹ ਮਸ਼ਵਰੇ ਤੋਂ ਬਾਅਦ ਕੀਤੀ ਗਈ ਸੀ ਕਿਉਂਕਿ ਡਾ. ਹੱਕ ਦਾ ਮੰਨਣਾ ਸੀ ਕਿ ਕਿਸਾਨਾਂ ਦੀ ਆਰਥਿਕ ਹਾਲਤ ਵਿਚ ਸੁਧਾਰ ਕਰਨ ਵਾਸਤੇ ਫ਼ਸਲਾਂ ਦੇ ਲਾਹੇਵੰਦ ਭਾਅ ਯਕੀਨੀ ਕਰਵਾਉਣਾ ਅਤਿਅੰਤ ਜ਼ਰੂਰੀ ਹੈ।

ਇਸ ਖ਼ਬਰ ਨੇ ਮੇਰੇ ਚੇਤੇ ਵਿਚ ਉਨ੍ਹਾਂ ਨਾਲ ਖੇਤੀ ਲਾਗਤ ਅਤੇ ਮੁੱਲ ਕਮਿਸ਼ਨ ਦੇ ਦਫ਼ਤਰ ਵਿਚ ਹੋਈ ਪਹਿਲੀ ਮੁਲਾਕਾਤ ਫ਼ਿਲਮ ਵਾਂਗ ਗੁਜ਼ਰ ਗਈ। ਉਦੋਂ ਮੈਂ ਡਾਇਰੈਕਟਰ, ਖੇਤੀਬਾੜੀ ਵਜੋਂ ਵਿੱਤ ਕਮਿਸ਼ਨਰ (ਵਿਕਾਸ) ਸ੍ਰੀ ਪੀਕੇ ਵਰਮਾ ਨਾਲ ਸਾਉਣੀ ਦੀਆਂ ਫ਼ਸਲਾਂ ਦੀਆਂ ਕੀਮਤਾਂ ਨਿਸ਼ਚਤ ਕਰਨ ਲਈ ਪੰਜਾਬ ਰਾਜ ਨਾਲ ਕੀਤੀ ਜਾਣ ਵਾਲੀ ਮੀਟਿੰਗ ਵਿਚ ਭਾਗ ਲੈਣ ਲਈ ਗਿਆ ਸੀ। ਘੱਟੋ-ਘੱਟ ਸਮਰਥਨ ਮੁੱਲ ਨਿਰਧਾਰਿਤ ਕਰਨ ਦੀ ਪ੍ਰਕਿਰਿਆ ਵਿਚ ਸੋਧਾਂ ਨੂੰ ਲੈ ਕੇ ਉਨ੍ਹਾਂ ਨੇ ਸਾਡੇ ਨਾਲ ਸਹਿਮਤੀ ਪ੍ਰਗਟ ਕੀਤੀ ਸੀ ਅਤੇ ਕਿਹਾ ਸੀ ਕਿ ਕਿਸਾਨਾਂ ਲਈ ਘੱਟੋ-ਘੱਟ ਸਮਰਥਨ ਮੁੱਲ ਹੀ ਵੱਧੋ-ਵੱਧ ਬਜ਼ਾਰੂ ਕੀਮਤ ਬਣ ਕੇ ਰਹਿ ਜਾਂਦਾ ਹੈ। ਡਾ. ਹੱਕ ਨਾਲ ਮੈਨੂੰ ਉਨ੍ਹਾਂ ਦੇ ਖੇਤੀ ਲਾਗਤ ਅਤੇ ਮੁੱਲ ਕਮਿਸ਼ਨ ਚੇਅਰਮੈਨ ਵਜੋਂ ਲਗਭੱਗ ਪੰਜ ਸਾਲ ਕੰਮ ਕਰਨ ਦਾ ਮੌਕਾ ਮਿਲਿਆ ਅਤੇ ਉਹ ਤਕਰੀਬਨ ਹਾੜ੍ਹੀ ਅਤੇ ਸਾਉਣੀ ਦੀ ਰੁੱਤ ਦੌਰਾਨ ਫ਼ਸਲਾਂ ਦੀਆਂ ਕੀਮਤਾਂ ਨਿਰਧਾਰਿਤ ਕਰਨ ਵਾਸਤੇ ਕਿਸਾਨਾਂ ਨਾਲ ਵਿਚਾਰ-ਵਟਾਂਦਰਾ ਕਰਨ ਲਈ ਰਾਜ ਦਾ ਦੌਰਾ ਕੀਤਾ।

ਬਿਹਾਰ ਸੂਬੇ ਦੇ ਛੋਟੇ ਜਿਹੇ ਅਤੇ ਦੂਰ-ਦੁਰਾਡੇ ਇਲਾਕੇ ਦੇ ਪਿੰਡ ਵਿਚ ਜਨਮ ਲੈ ਕੇ ਉਨ੍ਹਾਂ ਨੇ ਪਿੰਡ ਦੇ ਸਕੂਲ ਤੋਂ ਪੜ੍ਹਾਈ ਸ਼ੁਰੂ ਕੀਤੀ ਅਤੇ ਬਾਅਦ ਵਿਚ ਪਟਨਾ ਯੂਨੀਵਰਸਿਟੀ ਤੋਂ ਅਰਥ ਸ਼ਾਸਤਰ ਦੇ ਵਿਸ਼ੇ ਤੇ ਪੀਐੱਚਡੀ ਦੀ ਡਿਗਰੀ ਪ੍ਰਾਪਤ ਕੀਤੀ। ਫਿਰ ਉਹ ਅਮਰੀਕਾ ਦੇ ਆਇਓਵਾ ਸਟੇਟ ਯੂਨੀਵਰਸਿਟੀ ਵਿਚ ਪੋਸਟ-ਡੌਕਟਰਲ ਸਿੱਖਿਆ ਲਈ ਵੀ ਗਏ। ਦੇਸ਼ ਵਿਚ ਨਵੀਂ ਗਠਿਤ ਸਰਬ-ਭਾਰਤੀ ਖੇਤੀ ਖੋਜ ਸੇਵਾ ਦੇ ਪਹਿਲੇ ਬੈਚ ਵਿਚ ਜਨਵਰੀ 1977 ਵਿਚ ਉਹ ਚੁਣੇ ਗਏ ਅਤੇ ਉਨ੍ਹਾਂ ਨੂੰ ਭਾਰਤੀ ਖੋਜ ਇੰਸਟੀਚਿਊਟ, ਨਵੀਂ ਦਿੱਲੀ ਦੇ ਅਰਥ ਸ਼ਾਸਤਰ ਵਿਭਾਗ ਵਿੱਚ ਖੇਤੀਬਾੜੀ ਅਰਥ ਸ਼ਾਸਤਰ ਵਿਗਿਆਨੀ ਵਜੋਂ ਤਾਇਨਾਤ ਕੀਤਾ ਗਿਆ। ਉੱਥੇ ਉਨ੍ਹਾਂ ਨੇ ਮਿਹਨਤੀ ਅਤੇ ਪ੍ਰਭਾਵਸ਼ਾਲੀ ਅਧਿਆਪਕ ਵਜੋਂ ਆਪਣੀ ਪਛਾਣ ਬਣਾਈ।

ਉਨ੍ਹਾਂ ਆਪਣੇ ਜੀਵਨ ਵਿਚ ਵੱਖ ਵੱਖ ਸੰਸਥਾਵਾਂ ਅਤੇ ਅਹੁਦਿਆਂ ਤੇ ਕੰਮ ਕੀਤਾ ਜਿਨ੍ਹਾਂ ਵਿਚ ਉਨ੍ਹਾਂ ਦੀ ਨੈਸ਼ਨਲ ਸੈਂਟਰ ਫਾਰ ਐਗਰੀਕਲਚਰ ਇਕਨਾਮਿਕਸ ਐਂਡ ਪਾਲਿਸੀ ਰਿਸਰਚ ਵਿਚ ਨੈਸ਼ਨਲ ਫੈਲੋ ਅਤੇ ਨੈਸ਼ਨਲ ਇੰਸਟੀਚਿਊਟ ਆਫ਼ ਰੂਰਲ ਡਿਵੈਲਪਮੈਂਟ ਦੇ ਡਾਇਰੈਕਟਰ ਵਜੋਂ ਨਿਭਾਈ ਸੇਵਾ ਕਾਬਲੇ-ਜ਼ਿਕਰ ਹੈ। ਇਸ ਸਮੇਂ ਦੌਰਾਨ ਉਨ੍ਹਾਂ ਦਾ ਝੁਕਾਅ ਖੋਜ ਤੋਂ ਨੀਤੀ ਨਿਰਮਾਣ ਵੱਲ ਹੋ ਗਿਆ ਅਤੇ ਉਨ੍ਹਾਂ ਨੇ ਪਹਿਲਾਂ ਖੇਤੀ ਲਾਗਤ ਤੇ ਮੁੱਲ ਕਮਿਸ਼ਨ ਵਿੱਚ ਮੈਂਬਰ ਵਜੋਂ ਅਤੇ ਬਾਅਦ ਵਿੱਚ ਚੇਅਰਮੈਨ ਵਜੋਂ ਕੰਮ ਕੀਤਾ। ਕਮਿਸ਼ਨ ਵਿਚ ਆਪਣਾ ਕਾਰਜਕਾਲ ਪੂਰਾ ਕਰਨ ਤੋਂ ਬਾਅਦ ਉਹ ਸਮਾਜਿਕ ਵਿਕਾਸ ਪਰਿਸ਼ਦ, ਨਵੀਂ ਦਿੱਲੀ ਦੇ ਡਾਇਰੈਕਟਰ ਵਜੋਂ ਨਿਯੁਕਤ ਹੋਏ ਅਤੇ ਅੰਤ ਤੱਕ ਉਹ ਇਸ ਸੰਸਥਾ ਵਿਚ ਡਿਸਟਿੰਗਇਸ਼ਡ ਫੈਕਲਟੀ ਵਜੋਂ ਕੰਮ ਕਰਦੇ ਰਹੇ।

ਡਾ. ਹੱਕ ਕਈ ਪੇਸ਼ੇਵਾਰ ਸੁਸਾਇਟੀਆਂ ਦੇ ਮੈਂਬਰ ਸਨ। ਉਹ ਉੱਚਕੋਟੀ ਦੇ ਖੋਜਕਰਤਾ ਵੀ ਸਨ ਅਤੇ ਉਨ੍ਹਾਂ ਦੇ ਖੇਤੀ ਅਰਥ ਸ਼ਾਸਤਰ ਦੀ ਖੋਜ ਵਿਚ ਯੋਗਦਾਨ ਕੌਮੀ ਅਤੇ ਕੌਮਾਂਤੀ ਪੱਧਰ ਤੇ ਪ੍ਰਸੰਸਾ ਨਾਲ ਜ਼ਿਕਰ ਕੀਤਾ ਜਾਂਦਾ ਹੈ। ਉਨ੍ਹਾਂ ਨੇ ਖੇਤੀ ਖੇਤਰ ਦੀ ਆਰਥਿਕਤਾ ਬਾਰੇ ਵੱਖ ਵੱਖ ਵਿਸ਼ਿਆਂ ਤੇ ਖੋਜ ਕੀਤੀ। ਜਿਸ ਵਿਚ ਪੇਂਡੂ ਵਿਕਾਸ, ਛੋਟੀਆਂ ਜੋਤਾਂ ਦੀ ਖੇਤੀ, ਖੇਤੀਬਾੜੀ ਸੁਧਾਰ ਅਤੇ ਜ਼ਮੀਨੀ ਠੇਕਾ ਪ੍ਰਣਾਲੀ ਬਾਰੇ ਸੁਧਾਰਾਂ ਦਾ ਮੁੱਖ ਤੌਰ ਤੇ ਵਰਨਣ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਕਈ ਕਿਤਾਬਾਂ ਲਿਖੀਆਂ ਜਿਨ੍ਹਾਂ ਵਿਚ ਵਿਕਾਸਸ਼ੀਲ ਦੇਸ਼ਾਂ ਵਿਚ ਪੇਂਡੂ ਔਰਤਾਂ ਦਾ ਸ਼ਕਤੀਕਰਨ, ਬੀਟੀ ਨਰਮੇ ਦੀ ਕਾਸ਼ਤ ਦੇ ਸਮਾਜਿਕ ਅਤੇ ਆਰਥਿਕ ਪ੍ਰਭਾਵ ਦਾ ਮੁਲੰਕਣ, ਸਮੁੱਚੇ ਵਿਕਾਸ ਲਈ ਭੂਮੀ ਨੀਤੀਆਂ, ਛੋਟੇ ਜ਼ਮੀਨ ਧਾਰਕਾਂ ਦੀ ਖੇਤੀ ਦੀ ਸਥਿਰਤਾ ਆਦਿ ਸ਼ਾਮਲ ਹਨ। ਡਾ. ਹੱਕ ਨੂੰ ਭੂਮੀ ਸੁਧਾਰਾਂ ਬਾਰੇ ਕੰਮ ਕਰ ਕੇ ਭੂਮੀ ਮਾਹਿਰ ਵਜੋਂ ਵੀ ਜਾਣਿਆ ਜਾਂਦਾ ਸੀ। ਉਹ ਇਸ ਸਮੇਂ ਨੀਤੀ ਆਯੋਗ 'ਚ ਸਪੈਸ਼ਲ ਸੈਲ ਆਨ ਲੈਂਡ ਪਾਲਿਸੀ ਦੇ ਆਨਰੇਰੀ ਚੇਅਰਮੈਨ ਵਜੋਂ ਸੇਵਾ ਨਿਭਾ ਰਹੇ ਸਨ। ਉਨ੍ਹਾਂ ਠੇਕੇ 'ਤੇ ਜ਼ਮੀਨ ਲੈ ਕੇ ਖੇਤੀ ਕਰਨ ਵਾਲੇ ਕਾਸ਼ਤਕਾਰਾਂ ਦੀ ਆਰਥਿਕਤਾ 'ਚ ਸੁਧਾਰ ਲਈ ਮਾਡਲ ਲੈਂਡ ਲੀਜ਼ਿੰਗ ਐਕਟ (ਜ਼ਮੀਨ ਦੀ ਠੇਕਾ ਪ੍ਰਣਾਲੀ ਲਈ ਕਾਨੂੰਨ)-2016 ਬਣਾਉਣ ਵਿਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਦਾ ਵਿਚਾਰ ਸੀ ਕਿ ਕਾਸ਼ਤਕਾਰ ਜ਼ਮੀਨ ਬਾਰੇ ਸੁਰੱਖਿਅਤ ਅਧਿਕਾਰ ਪ੍ਰਾਪਤ ਕਰਦੇ ਹਨ ਤਾਂ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ ਲਈ ਨਿਵੇਸ਼ ਵੀ ਕਰਦੇ ਹਨ ਜਿਸ ਨਾਲ ਫ਼ਸਲਾਂ ਦਾ ਝਾੜ ਵਧਦਾ ਹੈ, ਆਮਦਨੀ ਵਧਦੀ ਹੈ ਤੇ ਦੌਲਤ ਵਿਚ ਵਾਧਾ ਹੁੰਦਾ ਹੈ।



ਉਹ ਪੰਜਾਬ ਵਿਚ ਕਰਜ਼ਾ ਰਾਹਤ ਲਈ ਬਣਾਈ ਕਮੇਟੀ ਦੇ ਚੇਅਰਮੈਨ ਸਨ ਅਤੇ ਮੈਨੂੰ ਉਨ੍ਹਾਂ ਨਾਲ ਇਸ ਕਮੇਟੀ ਦੇ ਸਕੱਤਰ ਵਜੋਂ ਕੰਮ ਕਰਨ ਦਾ ਮੌਕਾ ਮਿਲਿਆ। ਕਮੇਟੀ ਦੀਆਂ ਮੀਟਿੰਗਾਂ ਦੌਰਾਨ ਉਨ੍ਹਾਂ ਨੇ ਹਮੇਸ਼ਾ ਇਸ ਗੱਲ ਤੇ ਜ਼ੋਰ ਦਿੱਤਾ ਕਿ ਸੀਮਾਂਤ ਅਤੇ ਛੋਟੇ ਕਿਸਾਨਾਂ ਨੂੰ ਇਸ ਸਕੀਮ ਦਾ ਕਿਸ ਤਰ੍ਹਾਂ ਲਾਭ ਪਹੁੰਚਾਇਆ ਜਾ ਸਕਦਾ ਹੈ। ਕਮੇਟੀ ਨੇ ਆਪਣੀ ਰਿਪੋਰਟ ਵਿਚ ਸਾਰੇ ਸੀਮਾਂਤ ਅਤੇ ਛੋਟੇ ਕਿਸਾਨਾਂ ਨੂੰ ਦੋ ਲੱਖ ਰੁਪਏ ਤੱਕ ਦੀ ਕਰਜ਼ਾ ਰਾਹਤ ਅਤੇ ਬਾਕੀ ਸਾਰੇ ਕਿਸਾਨਾਂ ਨੂੰ ਬਕਾਇਆ ਖੜ੍ਹੀ ਰਕਮ ਦਾ ਇਕ ਸਾਲ ਦਾ ਵਿਆਜ ਮੁਆਫ਼ ਕਰਨ ਦੀ ਸਿਫਾਰਿਸ਼ ਕੀਤੀ।

ਦੁੱਖ ਦੀ ਗੱਲ ਹੈ ਕਿ ਉਨ੍ਹਾਂ ਜਿਹਾ ਸਵੈ-ਅਨੁਸ਼-ਾਸਿਤ ਸ਼ਖ਼ਸ ਵੀ ਇਸ ਭਿਆਨਕ ਮਹਾਮਾਰੀ ਦੀ ਲਪੇਟ ਵਿਚ ਆ ਗਿਆ। ਡਾ. ਹੱਕ ਅਜਿਹੇ ਖੇਤੀ ਮਾਹਿਰਾਂ ਵਿਚੋਂ ਸਨ ਜੋ ਵਿਦਵਾਨਾਂ, ਖੋਜਕਾਰਾਂ, ਨੌਕਰਸ਼ਾਹਾਂ, ਨੇਤਾਵਾਂ, ਮੀਡੀਆ, ਕਿਸਾਨਾਂ ਅਤੇ ਆਪਣੇ ਦੋਸਤਾਂ ਵਿਚ ਬਰਾਬਰ ਹਰਮਨਪਿਆਰੇ ਸਨ। ਉਨ੍ਹਾਂ ਦੇ ਨਿੱਜੀ ਗੁਣਾਂ ਵਿਚ ਸਾਦਗੀ, ਨਿਮ-ਰਤਾ, ਇਮਾਨਦਾਰੀ, ਸਚਾਈ, ਬੇਬਾਕੀ ਅਤੇ ਹਿੰਮਤ ਸ਼ਾਮਿਲ ਸਨ। ਉਹ ਵਧੀਆ ਅਧਿਆਪਕ, ਉੱਘੇ ਖੋਜਕਰਤਾ, ਗ਼ਰੀਬਾਂ ਲਈ ਖੁੱਲ੍ਹਦਿੱਲੇ, ਕਿਸਾਨਾਂ ਦੇ ਪ੍ਰਤੀ ਹਮਦਰਦ ਇਨਸਾਨ ਸਨ। ਉਨ੍ਹਾਂ ਦੀ ਮੌਤ ਮੇਰੇ ਲਈ ਨਿੱਜੀ ਤੌਰ ਤੇ ਅਤੇ ਸਾਰੇ ਖੇਤੀਬਾੜੀ ਭਾਈਚਾਰੇ ਲਈ ਬਹੁਤ ਦੁਖਦਾਈ ਹੈ। ਉਹ ਹਮੇਸ਼ਾਂ ਸਾਡੀ ਸੋਚ ਅਤੇ ਦਿਲਾਂ ਵਿਚ ਵੱਸਦੇ ਰਹਿਣਗੇ।

ਡਾ. ਬਲਵਿੰਦਰ ਸਿੰਘ ਸਿੱਧੂ
*ਕਮਿਸ਼ਨਰ, ਖੇਤੀਬਾੜੀ, ਪੰਜਾਬ।

ਵਰਲਡ ਪੰਜਾਬੀ ਨਿਊਜ਼ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਲੇਖ ਅਤੇ ਰਚਨਾਵਾਂ ਲੇਖਕਾਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ। ਇਹਨਾਂ ਨਾਲ ਸੰਪਾਦਕ ਅਤੇ 'ਵਰਲਡ ਪੰਜਾਬੀ ਨਿਊਜ਼' ਅਦਾਰੇ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ- ਸੰਪਾਦਕ 'ਵਰਲਡ ਪੰਜਾਬੀ ਨਿਊਜ਼' ਵਿੱਚ ਪ੍ਰਕਾਸ਼ਿਤ ਹੋਣ ਵਾਲੇ ਵਿਗਿਆਪਨਾਂ ਦੀ ਪਰਖ ਪਾਠਕ ਖੁਦ ਕਰਨ। 'ਵਰਲਡ ਪੰਜਾਬੀ ਨਿਊਜ਼' ਅਦਾਰਾ ਇਹਨਾਂ ਪ੍ਰਤੀ ਜਿੰਮੇਵਾਰ ਨਹੀਂ ਹੋਵੇਗਾ- ਸੰਪਾਦਕ

# ਰੇਲਵੇ ਫਾਟਕ ਦੇ ਨੇੜੇ ਇੱਕ ਦਰਜਨ ਝੁੱਗੀਆਂ ਨੂੰ ਲਗੀ ਅੱਗ

**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ)** ਕਰਤਾਰਪੁਰ ਰੇਲਵੇ ਫਾਟਕ ਦੇ ਕੌਲ ਕਪੂਰਥਲਾ ਰੋਡ ਸੱਥਿਤ ਇੱਕ ਦਰਜਨ ਦੇ ਕਰੀਬ ਝੁੱਗੀਆਂ ਨੂੰ ਅੱਗ ਲੱਗ ਗਈ ਅਤੇ ਝੁੱਗੀਆਂ ਜਲ ਕੇ ਰਾਖ ਹੋ ਗਈਆਂ। ਝੁੱਗੀਆਂ ਵਿਚ ਪਈ ਹਜ਼ਾਰਾਂ ਦੀ ਨਕਦੀ, ਕੱਪੜੇ, ਖਾਣ ਦਾ ਸਾਮਾਨ, ਜਲ ਕੇ ਰਾਖ ਹੋ ਗਿਆ। ਮੌਕੇ ਤੇ ਪਹੁੰਚੀ ਫਾਇਰ ਬਿਗ੍ਰੇਡ ਦੇ ਕਰਮਚਾਰੀਆਂ ਨੇ ਬੜੀ ਮੁਸ਼ਕਲ ਜੇ ਨਾਲ ਅੱਗ 'ਤੇ ਕਾਬੂ ਪਾਇਆ ਜਦੋਂ ਤੱਕ ਅੱਗ ਤੇ ਕਾਬੂ ਪਾਇਆ ਉਦੋਂ ਤਕ ਸਭ ਕੁਝ ਸੜ ਕੇ ਰਾਖ ਹੋ ਗਿਆ।

ਮੌਜੂਦ ਲੋਕਾਂ ਨੇ ਅੱਗ ਤੇ ਕਾਬੂ ਪਾਉਣ ਦੀ ਬਹੁਤ ਕੋਸ਼ਿਸ਼ ਕੀਤੀ ਜਿਸ ਕਰ ਕੇ ਅੱਧਾ ਦਰਜਨ ਝੁੱਗੀਆਂ ਜਲਣ ਤੋਂ ਬਚ ਗਈਆਂ ਅਤੇ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਅਤੇ ਕੋਈ ਵੀ ਜਾਨੀ ਨੁਕਸਾਨ ਨਹੀਂ ਹੋਇਆ।

ਇਸ ਸਬੰਧ ਵਿਚ ਝੁੱਗੀਆਂ ਵਿਚ ਰਹਿਣ ਵਾਲੇ ਕ੍ਰਿਪਾਲ ਰਾਏ, ਰਾਮ ਅਸ਼ੀਸ਼, ਸਨਤੋਸ਼ ਮਹਿਤੋ, ਅਮਰਜੀਤ, ਮੰਗਲ, ਸ਼ੰਕਰ, ਬੀਕੋ, ਰਣਜੀਤ, ਜੋਗਿੰਦਰ, ਗੀਤਾ ਆਪਣੇ ਕੰਮਾਂ ਤੇ ਗਏ ਹੋਏ ਸੀ। ਝੁੱਗੀਆਂ ਵਿੱਚ ਬੱਚੇ ਮੌਜੂਦ ਸਨ ਅਤੇ ਅੱਗ ਲੱਗ ਗਈ ਤੇ ਸਭ ਕੁਝ ਜਲ ਕੇ ਰਾਖ ਹੋ ਗਿਆ। ਨਾ ਹੀ ਸਾਡੇ ਕੋਲ ਖਾਣਾ ਅਤੇ ਨਾ ਹੀ ਪਹਿਨਣ ਨੂੰ ਕੱਪੜੇ ਤੇ ਸਾਡੀ ਮਿਹਨਤ ਮਜ਼ਦੂਰੀ ਨਾਲ ਕੀਤੀ ਹਜ਼ਾਰਾਂ ਰੁਪਏ ਦੀ ਨਗਦੀ ਕਮਾਈ ਜਲ ਕੇ ਰਾਖ ਹੋ ਗਈ ।ਇਸ ਸੰਬੰਧ ਵਿਚ ਗੀਤਾ ਨੇ ਦੱਸਿਆ



ਕਿ ਘਰ ਦੇ ਵਿਚ ਬੀਮਾਰ ਹੋਣ ਕਾਰਨ 50 ਹਜਾਰ ਇਕੱਠੇ ਕਰ ਕੇ ਰੱਖੇ ਹੋਏ ਪੈਸੇ ਵੀ ਜਲ ਕੇ ਰਾਖ ਹੋ ਗਏ। ਇਸੇ ਤਰ੍ਹਾਂ ਸ਼ੰਕਰ ਦੇ 5 ਹਜਾਰ ਰੁਪਏ, ਰਾਮ ਅਸ਼ੀਸ਼ ਦੇ 20 ਹਜ਼ਾਰ ਰੁਪਏ, ਗੀਤਾਂ ਦੇ 10 ਹਜ਼ਾਰ ਰੁਪਏ, ਕ੍ਰਿਪਾਲ ਦਾਸ ਦੇ 5 ਹਜਾਰ ਰੁਪਏ, ਇਨ੍ਹਾਂ ਤੋਂ ਇਲਾਵਾ ਲੋਕਾਂ ਦੇ ਹਜ਼ਾਰਾਂ ਰੁਪਏ ਜਲ ਗਏ।

## ਖਾਣ ਪੀਣ ਨੂੰ ਵੀ ਕੁਝ ਨਹੀਂ ਬਚਿਆ ਤੇ ਮੁਆਵਜ਼ੇ ਦੀ ਮੰਗ

ਗ਼ਰੀਬਾਂ ਦੇ ਝੁੱਗੀਆਂ ਨੂੰ ਅੱਗ ਲੱਗਣ ਤੋਂ ਬਾਅਦ ਉਨ੍ਹਾਂ ਕੋਲ ਕੁਝ ਨਹੀਂ ਬਚਿਆ ਹੈ। ਉੱਥੇ ਮੌਜੂਦ ਲੋਕਾਂ ਨੇ ਦੱਸਿਆ ਕਿ ਇਹ 19 ਸਾਲਾਂ ਤੋਂ ਇਸੇ ਜਗ੍ਹਾ ਤੇ ਰਹਿ ਰਹੇ ਹਨ। ਇਹ ਬਿਹਾਰ ਦੇ ਜ਼ਿਲ੍ਹਾ ਦਰਭੰਗਾ, ਸਮਸਤੀਪੁਰ ,ਸਹਰਸਾ ਦੇ ਨਿਵਾਸੀ ਹਨ। ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਉਚਿਤ ਮੁਆਵਜ਼ੇ ਦੀ ਮੰਗ ਕੀਤੀ ਹੈ ਤਾਂ ਕਿ ਉਹ ਆਪਣੇ ਬੱਚਿਆਂ ਦੇ ਨਾਲ ਰਾਤ ਗੁਜ਼ਾਰ ਸਕਣ ਆਪਣੀ ਜ਼ਿੰਦਗੀ ਨੂੰ ਦੁਬਾਰਾ ਪਟਰੀ ਤੇ ਲਿਆ ਸਕਣ।

ਥਾਣਾ ਮੁਖੀ ਰਾਜੀਵ ਕੁਮਾਰ ਜੋ ਕਿ ਘਟਨਾ ਸਥਲ ਤੇ ਮੌਕੇ ਤੇ ਪਹੁੰਚ ਕੇ ਅੱਗ ਤੇ ਕਾਬੂ ਪਾਉਣ ਵਾਸਤੇ ਉਨ੍ਹਾਂ ਨੇ ਕਾਫੀ ਕੋਸ਼ਿਸ਼ ਕੀਤੀ ਅਤੇ ਉਨ੍ਹਾਂ ਨੇ ਜਿਨ੍ਹਾਂ ਜਿਨ੍ਹਾਂ ਦੀਆਂ ਝੁੱਗੀਆਂ ਨੂੰ ਅੱਗ ਲੱਗਣ ਕਾਰਨ ਝੁੱਗੀਆਂ ਰਾਖ ਹੋ ਗਈਆਂ ਹਨ ਅਤੇ ਉਨ੍ਹਾਂ ਦੇ ਨਾਮ ਨੋਟ ਕਰ ਕੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਭੇਜੇ ਜਾਣਗੇ ਤਾਂ ਕਿ ਉਨ੍ਹਾਂ ਨੂੰ ਉਚਿਤ ਮੁਆਵਜ਼ਾ ਮਿਲ ਸਕੇ ।

# ਦੁਕਾਨ ਵਿੱਚ ਅੱਗ ਲੱਗਣ ਨਾਲ ਲੱਖਾਂ ਦਾ ਸਮਾਨ ਸੜ ਕੇ ਹੋਇਆ ਸੁਆਹ



**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ)** ਲਾਗਲੇ ਪਿੰਡ ਰਹੀਮਪੁਰ ਵਿਖੇ ਬੀ ਐਸ ਹਾਰਡਵੇਅਰ ਐਂਡ ਜਨਰਲ ਸਟੋਰ ਨਾਮ ਦੀ ਦੁਕਾਨ ਤੇ ਰਾਤ ਨੂੰ ਸ਼ਾਰਟ ਸਰਕਟ ਹੋਣ ਨਾਲ ਭਿਆਨਕ ਅੱਗ ਲੱਗ ਗਈ। ਜਿਸ ਨਾਲ ਦੁਕਾਨ ਅੰਦਰ ਪਿਆ ਲੱਖਾਂ ਦਾ ਸਮਾਨ ਸੜ ਕੇ ਸੁਆਹ ਹੋ ਗਿਆ। ਦੁਕਾਨ ਦੇ ਮਾਲਕ ਅਵਤਾਰ ਸਿੰਘ ਨੇ ਦੱਸਿਆ ਕਿ ਉਹ ਰਾਤ ਨੂੰ ਦੁਕਾਨ ਠੀਕ ਠਾਕ ਬੰਦ ਕਰਕੇ ਘਰ ਚਲੇ ਗਏ। ਤੜਕਸਾਰ ਪਿੰਡ ਦੇ ਹੀ ਇਕ ਵਸਨੀਕ ਨੇ ਜਦ ਘਰ ਆ ਕੇ ਦੱਸਿਆ ਕਿ ਤੁਹਾਡੀ ਦੁਕਾਨ ਚੋਂ ਧੂੰਆਂ ਨਿਕਲ ਰਿਹਾ ਹੈ, ਅੱਗ ਲਗ ਗਈ ਲਗਦੀ ਹੈ। ਫਿਰ ਜਦੋਂ ਦੁਕਾਨ ਤੇ ਜਾ ਕੇ ਦੇਖਿਆ ਤਾਂ ਅੰਦਰ ਕਾਫੀ ਅੱਗ ਫੈਲੀ ਹੋਈ ਸੀ। ਬਹੁਤਾ ਸਮਾਨ ਸੜ ਚੁੱਕਾ ਸੀ। ਪਰਿਵਾਰਕ ਮੈਂਬਰਾਂ ਅਤੇ ਮੁਹੱਲਾ ਨਿਵਾਸੀਆਂ ਦੀ ਮਦਦ ਨਾਲ ਅੱਗ ਤੇ ਕਾਬੂ ਪਾਇਆ ਗਿਆ। ਅੱਗ ਨਾਲ ਲੱਖਾਂ ਰੁਪਏ ਦੇ ਨੁਕਸਾਨ ਹੋਣ ਦਾ ਅਨੁਮਾਨ ਹੈ।

# ਰੈਵੀਨਿਊ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਪਟਵਾਰੀਆਂ ਦੇ ਸੰਘਰਸ਼ ਦੀ ਹਮਾਇਤ

**ਮੁਕੇਰੀਆਂ/ਹਾਜੀਪੁਰ(ਜਸਵੀਰ ਸਿੰਘ ਪੁਰੇਵਾਲ)** ਰੈਵੀਨਿਊ ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਕਨਵੀਨਰ ਅਤੇ ਬਸਪਾ ਪੰਜਾਬ ਦੇ ਜੋਨ ਇੰਚਾਰਜ ਗੋਬਿੰਦ ਸਿੰਘ ਕਾਨੂੰਗੋ ਨੇ ਪਟਵਾਰੀਆਂ ਦੇ ਸੰਘਰਸ਼ ਦੀ ਹਮਾਇਤ ਕਰਦਿਆਂ ਕਿਹਾ ਕਿ ਜਿਥੇ ਅੱਜ ਪੰਜਾਬ ਦੇ ਲੋਕ ਕਰੋਨਾ ਦੇ ਡਰ ਕਾਰਨ ਘਰਾਂ ਤੋਂ ਬਾਹਰ ਨਹੀਂ ਨਿਕਲ ਰਹੇ ਉਥੇ ਪੰਜਾਬ ਦੇ ਸਾਰੇ ਮੁਲਾਜ਼ਮ ਆਪਣੇ ਆਪ ਨੂੰ ਖ਼ਤਰੇ ਵਿਚ ਪਾਕੇ ਡਿਊਟੀਆਂ ਕਰ ਰਹੇ ਹਨ। ਇਥੇ ਹੀ ਉਨ੍ਹਾਂ ਨੂੰ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਨੇਂ ਪੈ ਰਹੇ ਹਨ। ਪੰਜਾਬ ਦੇ ਸਮੂਹ ਪਟਵਾਰੀਆਂ ਦੀਆਂ ਵਿਤੀ ਮੰਗਾਂ ਦੇ ਨਾਲ ਨਾਲ ਪਬਲਿਕ ਦੀਆਂ ਮੰਗਾਂ ਵੀ ਸੰਬੰਧ ਰੱਖਦੀਆਂ ਹਨ। ਜਿਵੇਂ ਕਿ ਅੱਜ ਪੰਜਾਬ ਦੇ ਅੰਦਰ ਪਟਵਾਰੀਆਂ ਦੀਆਂ ਪੰਜਾਹ ਪ੍ਰਤੀਸ਼ਤ ਪੋਸਟਾਂ ਖਾਲੀ ਪਈਆਂ ਹਨ। ਜੇਕਰ ਇਕੱਲੇ ਹੁਸ਼ਿਆਰਪੁਰ ਵਿੱਚ ਵੇਖੀਏ ਤਾਂ ਪਟਵਾਰੀਆਂ ਦੀਆਂ ਕੁੱਲ 435ਪੋਸਟਾਂ ਹਨ ਅਤੇ ਇਸ ਵਕਤ ਸਿਰਫ 109ਪਟਵਾਰੀ ਕੰਮ ਕਰ ਰਹੇ ਹਨ। ਯਾਨੀ ਕਿ ਜ਼ਿਲ੍ਹੇ ਅੰਦਰ ਸਿਰਫ ਚੌਥਾ ਹਿੱਸਾ ਸਟਾਫ ਕੰਮ ਕਰ ਰਿਹਾ ਹੈ। ਅਗਰ ਇਹ ਪਟਵਾਰੀ ਅੱਜ ਵਾਧੂ ਸਰਕਲਾਂ ਦਾ ਕੰਮ ਬੰਦ ਕਰ ਦੇਣ ਤਾਂ ਲੋਕਾਂ ਦੇ ਨਾਲ-ਨਾਲ ਸਰਕਾਰ ਦੀਆਂ ਮੁਸ਼ਕਲਾ ਹੋਰ ਵਧ ਜਾਣਗੀਆਂ। ਕਿਉਂ ਕਿ ਪਟਵਾਰੀਆਂ ਨੂੰ ਸਿਰਫ਼ ਇੱਕ ਸਰਕਲ ਦੀ ਤਨਖ਼ਾਹ ਤੋਂ ਇਲਾਵਾ ਵਾਧੂ ਸਰਕਲਾਂ ਦੇ ਕੰਮ ਦਾ ਕੋਈ ਵਖਰਾ ਮਿਹਤਾਨਾ ਨਹੀਂ ਮਿਲਦਾ। ਪਟਵਾਰੀਆਂ ਦੀ ਭਰਤੀ ਦੀ ਮੰਗ ਅੱਜ ਦੀ ਨਹੀਂ ਪਿਛਲੇ ਸੱਤ ਸਾਲਾਂ ਤੋਂ ਚਲ ਰਹੀ ਹੈ ਪਰ ਸਰਕਾਰ ਭਰਤੀ ਕਰਨੀ ਹੀ ਨਹੀਂ ਚਾਹੁੰਦੀ।ਇਸ ਲਈ ਪਟਵਾਰੀਆਂ ਦੀਆਂ ਮੰਗਾਂ ਜਾਇਜ ਹਨ ਅਤੇ ਮੰਗਾਂ ਮੰਨ ਲੈਣੀਆਂ ਚਾਹੀਦੀਆਂ ਹਨ। ਗੋਬਿੰਦ ਸਿੰਘ ਕਾਨੂੰਗੋ ਨੇ ਇਹ ਵੀ ਮੰਗ ਕੀਤੀ ਹੈ ਕਿ ਜੋ ਛੇਵੇਂ ਪੇਕਮਿਸਨ ਦੀ ਰਿਪੋਰਟ ਸਰਕਾਰ ਨੂੰ ਮਿਲ ਗਈ ਹੈ ਬਿਨਾਂ ਦੇਰੀ ਕੀਤਿਆਂ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਜਾਵੇ ਸੋ ਕੇਂਦਰ ਸਰਕਾਰ ਵੱਲੋਂ ਪਹਿਲਾਂ ਹੀ 1.1.16 ਤੋਂ ਕੇਂਦਰੀ ਮੁਲਾਜ਼ਮਾਂ ਨੂੰ ਦਿੱਤੀ ਜਾ ਚੁੱਕੀ ਹੈ। ਪੰਜਾਬ ਸਰਕਾਰ ਜਿੰਨੀ ਜਲਦੀ ਪੇ ਕਮਿਸ਼ਨ ਲਾਗੂ ਕਰ ਦੇਵੇਗੀ ਉਨਾਂ ਹੀ ਪੰਜਾਬ ਦੇ ਮੁਲਾਜ਼ਮ ਸ਼ਾਂਤ ਹੋਣਗੇ।



# ਗੋਆ ਵਿੱਚ ਇਨਫੈਕਸ਼ਨ ਦਰ ਸਭ ਤੋਂ ਵੱਧ 48.5 ਫ਼ੀਸਦੀ



**ਨਵੀਂ ਦਿੱਲੀ।** ਭਾਰਤ ਵਿੱਚ ਕੋਰੋਨਾ ਵਾਇਰਸ ਦੀ ਦੂਸਰੀ ਲਹਿਰ ਦੌਰਾਨ 24 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਇਨਫੈਕਸ਼ਨ ਦੀ ਦਰ 15 ਫ਼ੀਸਦੀ ਤੋਂ ਵੱਧ ਹੈ। ਇਨ੍ਹਾਂ ਵਿੱਚ ਸਭ ਤੋਂ ਵੱਧ ਇਨਫੈਕਸ਼ਨ ਦਰ 48.5 ਫ਼ੀਸਦੀਗੋਆ ਵਿੱਚ ਹੈ। ਉਥੇ ਜਿੰਨੇ ਲੋਕਾਂ ਦੀ ਜਾਂਚ ਕੀਤੀ ਗਈ, ਉਨ੍ਹਾਂ ਵਿੱਚੋਂ ਕਰੀਬ ਹਰ ਦੂਸਰਾ ਵਿਅਕਤੀ ਇਨਫੈਕਟਿਡ ਨਿਕਲਿਆ ਹੈ ਅਤੇ ਹਰਿਆਣਾ ਦਾ ਦੂਸਰਾ ਨੰਬਰ ਦੱਸਿਆ ਗਿਆ ਹੈ।

ਕੇਂਦਰੀ ਸਿਹਤ ਮੰਤਰਾਲੇ ਦੇ ਐਡੀਸ਼ਨਲ ਸੈਕਟਰੀ ਆਰਤੀ ਆਹੂਜਾ ਨੇ ਕਿਹਾ ਕਿ ਗੋਆ ਦੇ ਨਾਲ ਮਹਾਰਾਸ਼ਟਰ, ਕਰਨਾਟਕ, ਹਰਿਆਣਾ ਅਤੇ ਪੱਛਮੀ ਬੰਗਾਲ ਸਮੇਤ 24 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਕੋਰੋਨਾ ਇਨਫੈਕਸ਼ਨ ਦੀ ਦਰ 15 ਫ਼ੀਸਦੀ ਤੋਂ ਵੱਧ ਹੈ। ਨੌਂ ਰਾਜਾਂ ਵਿੱਚ 5-15 ਫੀਸਦੀ ਇਨਫੈਕਸ਼ਨ ਦਰ ਹੈ। ਤਿੰਨ ਰਾਜਾਂ ਵਿੱਚ ਇਨਫੈਕਸ਼ਨ ਦੀ ਦਰ ਪੰਜ ਫੀਸਦੀ ਤੋਂ ਘੱਟ ਹੈ। ਉਨ੍ਹਾਂ ਦੱਸਿਆ ਕਿ ਇਨਫੈਕਸ਼ਨ ਦਰ ਵਿੱਚ ਹਰਿਆਣਾ (36.1 ਫੀਸਦੀ) ਦੂਸਰੇ ਨੰਬਰ ਉੱਤੇ ਹੈ। ਤੀਸਰੇ ਨੰਬਰ ਉੱਤੇ ਬੰਗਾਲ ਵਿੱਚ ਇਨਫੈਕਸ਼ਨ ਦਰ 33.1 ਫੀਸਦੀ ਹੈ। ਕਰਨਾਟਕ, ਦਿੱਲੀ ਅਤੇ ਰਾਜਸਥਾਨ ਵਿੱਚ ਇਹ 29.9 ਫੀਸਦੀ ਅਤੇ ਛੱਤੀਸਗੜ੍ਹ ਅਤੇ ਮੱਧ ਪ੍ਰਦੇਸ਼ ਵਿੱਚ 27.9 ਫੀਸਦੀ ਹੈ।

# ਸਮੇਂ ਸਿਰ ਜਾਂਚ ਕਰਵਾ ਕੇ ਹੀ ਲੋਕ ਕਰੋਨਾ ਵਰਗੀ ਮਹਾਂਮਾਰੀ ਤੋਂ ਆਪਣਾ ਅਤੇ ਆਪਣੇ ਪਰਿਵਾਰ ਦਾ ਬਚਾ ਕਰ ਸਕਦੇ ਹਨ: ਡਾ. ਸ਼ੈਲੀ ਬਾਜਵਾ

**ਹਾਜੀਪੁਰ (ਜਸਵੀਰ ਸਿੰਘ ਪੁਰੇਵਾਲ)** ਕੋਵਿਡ-19 ਮਹਾਂਮਾਰੀ ਦੇ ਚਲਦਿਆਂ ਦੇਸ਼ ਵਿਚ ਹਾਲਾਤ ਬਦ ਤੋਂ ਬਦਤਰ ਹੋ ਚੁੱਕੇ ਹਨ । ਪੂਰੇ ਦੇਸ਼ ਵਿਚ ਕੋਵਿਡ-19 ਦੇ ਪੋਜੇਟਿਵ ਮਰੀਜਾਂ ਦੀ ਗਿਣਤੀ ਵਿਚ ਨਿਰੰਤਰ ਵਾਧਾ ਹੋ ਰਿਹਾ ਹੈ। ਜ਼ਿਲ੍ਹਾ ਹੁਸ਼ਿਆਰਪੁਰ ਅਧੀਨ ਪੈਂਦੇ ਬਲਾਕ ਹਾਜੀਪੁਰ ਵਿਚ ਵੀ ਕੋਵਿਡ-19 ਦੇ ਮਰੀਜਾਂ ਦੀ ਗਿਣਤੀ ਵਿਚ ਨਿਰੰਤਰ ਵਾਧਾ ਹੋ ਰਿਹਾ ਹੈ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਪੀ.ਐਚ.ਸੀ. ਹਾਜੀਪੁਰ ਡਾ. ਸ਼ੈਲੀ ਬਾਜਵਾ ਨੇ ਦੱਸਿਆ ਕਿ ਸਿਵਲ ਸਰਜਨ ਹੁਸ਼ਿਆਰਪੁਰ ਡਾਂ. ਰਣਜੀਤ ਸਿੰਘ , ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ , ਪੀ.ਐਚ.ਸੀ. ਬਲਾਕ ਹਾਜੀਪੁਰ ਦੇ ਸਾਰੇ ਸਿਹਤ ਮੁਲਾਜਮ ਆਪਣਾ ਫਰਜ ਬੜੀ ਤਨਦੇਹੀ ਨਾਲ ਨਿਭਾ ਰਹੇ ਹਨ। ਬਲਾਕ ਹਾਜੀਪੁਰ ਵਿਚ ਕੋਵਿਡ-19 ਸੈਂਪਲਿੰਗ ਵਾਸਤੇ 4 ਪੱਕੀਆਂ ਟੀਮਾਂ ਅਤੇ 2-3 ਆਰਜੀ ਟੀਮਾਂ ਹਰ ਰੋਜ ਸੈਂਪਲਿੰਗ ਕਰਦੀਆਂ ਹਨ। ਇਸ ਮੌਕੇ ਮੀਡੀਆ ਦੇ ਮਾਧਿਅਮ ਰਾਹੀ ਡਾਂ. ਸ਼ੈਲੀ ਬਾਜਵਾ ਨੇ ਲੋਕਾਂ ਨੂੰ ਕੋਵਿਡ-19 ਸੁਭਾਅ ਜਿਵੇ ਕਿ ਮਾਸਕ ਦੀ ਵਰਤੋਂ ਕਰਨਾ, ਸਮੇ-ਸਮੇ ਸਿਰ ਹੱਥਾਂ ਨੂੰ ਧੋਣਾ ਜਾਂ ਸੇਨਾਟਾਈਜ ਕਰਨਾ, ਭੀੜ ਭੜੱਕੇ ਵਾਲੀਆਂ ਥਾਵਾਂ ਤੇ ਦੋ ਗੱਜ ਦੀ ਦੂਰੀ ਬਣਾ ਕੇ ਰੱਖਣਾ, ਆਦਿ ਦੀ ਪਾਲਣਾ ਕਰਨ ਦੀ ਅਪੀਲ ਕੀਤੀ । ਉਹਨਾਂ ਲੋਕਾਂ ਨੂੰ ਹਦਾਇਤ ਕੀਤੀ ਜੇਕਰ ਸਾਨੂੰ ਖਾਸੀ, ਜੁਕਾਮ, ਬੁਖਾਰ, ਪੇਟ ਦਰਦ, ਅੱਖਾ ਵਿਚ ਲਾਲਗੀ, ਜੋੜਾਂ ਵਿਚ ਦਰਦ, ਆਦਿ ਅਜਿਹੇ ਲੱਛਣ ਆਉਂਦੇ ਹਨ ਤਾਂ ਸਾਨੂੰ ਡਾਕਟਰੀ ਮੁਆਇਨਾ ਕਰਵਾਉਣਾ ਚਾਹੀਦਾ ਹੈ ਤਾਂ ਜੋ ਕਿ ਕੋਵਿਡ-19 ਦਾ ਸਮੇ-ਸਿਰ ਨਿਰੱਖਣ ਕਰਵਾ ਕੇ ਇਲਾਜ ਸ਼ੁਰੂ ਕਰਵਾਇਆ ਜਾ ਸਕੇ ਅਤੇ ਹੋਰ ਲੋਕਾਂ ਨੂੰ ਸੰਕ੍ਰਮਿਤ ਹੋਣ ਤੋਂ ਰੋਕਿਆ ਜਾ ਸਕੇ । ਬਲਾਕ ਹਾਜੀਪੁਰ ਵਿਚ ਕੋਵਿਡ-19 ਵੇਕਸੀਨੇਸ਼ਨ ਲਈ ਖਾਸ ਪ੍ਰਬੰਧ ਕੀਤੇ ਗਏ ਹਨ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 45 ਸਾਲ ਤੋਂ ਵਧੇਰੀ ਉਮਰ ਦੇ ਵਿਅਕਤੀਆਂ ਦਾ ਟੀਕਾਕਰਣ ਕੀਤਾ ਜਾ ਰਿਹਾ ਹੈ। ਪੀ.ਐਚ.ਸੀ. ਬਲਾਕ ਹਾਜੀਪੁਰ ਵਿਚ ਕੋਵਿਡ-19 ਸਬੰਧੀ ਐਮਰਜੈਂਸੀ ਹਾਲਾਤਾਂ ਨਾਲ ਨਜਿੱਠਣ ਲਈ 6 ਰੈਪਿਡ ਰਿਸਪੋਂਸ ਟੀਮਾਂ ਬਣਾਈਆਂ ਗਈਆਂ ਹਨ। ਜੋ ਕਿ ਫੀਲਡ ਵਿੱਚ 24 7 ਆਪਣੀਆਂ ਸੇਵਾਵਾਂ ਨਿਭਾ ਰਹੀਆਂ ਹਨ। ਇਸ ਮੌਕੇ ਬੀ.ਈ.ਈ. ਬਚਿੱਤਰ ਸਿੰਘ ਮਾਨ ਨੇ ਲੋਕਾਂ ਨੂੰ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਅਤੇ ਸਿਹਤ ਵਿਭਾਗ ਦੇ ਮੁਲਾਜਮਾਂ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ। ਉਹਨਾਂ ਦੱਸਿਆ ਕੀ ਜੇਕਰ ਪਿੰਡ ਦੇ ਕਿਸੇ ਵੀ ਵਿਅਕਤੀ ਨੂੰ ਕੋਵਿਡ-19 ਨਾਲ ਸਬੰਧਤ ਕੋਈ ਲੱਛਣ ਆਉਂਦੇ ਹਨ ਤਾਂ ਉਹ ਸਬੰਧਤ ਪਿੰਡ ਦੀ ਆਸ਼ਾ ਵਰਕਰ ਨਾਲ ਤਾਲਮੇਲ ਕਰੇ। ਇਸ ਮੌਕੇ ਡਾਂ. ਹਰਮਿੰਦਰ ਸਿੰਘ, ਐਲ.ਐਚ.ਵੀ. ਕਾਂਤਾ ਦੇਵੀ, ਐਚ.ਆਈ. ਰਵਿੰਦਰ ਕੁਮਾਰ, ਐਸ.ਪੀ.ਓ .ਰੀਟਾ ਰਾਣੀ, ਸੀ.ਓ ਗੁਰਪ੍ਰੀਤ ਸਿੰਘ ਚੀਮਾਂ ਵਿਸ਼ੇਸ਼ ਤੌਰ ਤੇ ਹਾਜਰ ਸਨ।



# ਡਾ. ਰਾਜ ਨੇ ਕੋਵਿਡ ਦੀ ਲੜਾਈ ਲਈ ਆਪਣੀ ਟੀਮ ਨੂੰ ਕੀਤਾ ਲਾਮਬੰਦ

**ਹੁਸ਼ਿਆਰਪੁਰ (ਜਸਵੀਰ ਸਿੰਘ ਪੁਰੇਵਾਲ)**ਪੇਂਡੂ ਖੇਤਰਾਂ ਵਿੱਚ ਕੋਰੋਨਾ ਦੇ ਵੱਧਦੇ ਪ੍ਰਕੋਪ ਅਤੇ ਵਧੇਰੇ ਮੌਤ ਦਰ ਤੇ ਬੇਹਦ ਚਿੰਤਤ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਰਾਜ ਆਪਣੇ ਹਲਕੇ ਵਿੱਚ ਬਹੁਤ ਕੋਸ਼ਿਸ਼ਾਂ ਕਰ ਰਹੇ ਹਨ। ਇਸੀ ਕੋਸ਼ਿਸ਼ ਤਹਿਤ ਡਾ. ਰਾਜ ਨੇ ਆਪਣੇ ਹਲਕੇ ਦੇ ਜਿਲਾ ਪ੍ਰੀਸ਼ਦ ਮੈਂਬਰਾਂ, ਬਲਾਕ ਸੰਮਤੀ ਮੈਂਬਰਾਂ ਅਤੇ ਹੋਰਨਾਂ ਪਦਾਧਿਕਾਰੀਆਂ ਨਾਲ ਜੂਮ ਐਪ ਰਾਹੀਂ ਆਨਲਾਇਨ ਮੀਟਿੰਗ ਕੀਤੀ। ਇਸ ਮੀਟਿੰਗ ਦੌਰਾਨ ਡਾ. ਰਾਜ ਨੇ ਕਿਹਾ ਕਿ ਉਹ ਇਸ ਵਿਸੇ ਤੋ ਬਹੁਤ ਗੰਭੀਰ ਹਨ। ਕਿਉਂਕੀ ਉਹਨਾਂ ਦੇ ਹਲਕੇ ਦਾ ਖੇਤਰ ਪੇਂਡੂ ਹੀ ਹੈ। ਉਹਨਾਂ ਨੇ ਇਸ ਸੰਬੰਧੀ ਆਂਕੜੇ ਆਪਣੀ ਟੀਮ ਨਾਲ ਸਾਂਝੇ ਕੀਤੇ ਤਾਂ ਜੋ ਉਹ ਸਾਰੇ ਵੀ ਸਥਿਤੀ ਦੀ ਗੰਭੀਰਤਾ ਸਮਝ ਕੇ ਆਪਣੇ ਇਲਾਕਿਆਂ ਵਿੱਚ ਲੋਕਾਂ ਨੂੰ ਜਾਗਰੂਕ ਕਰਣ ਤੇ ਪੂਰਾ ਦਿਆਨ ਦੇਣ। ਉਹਨਾਂ ਨੇ ਬਾਰ-ਬਾਰ ਕੋਵਿਡ ਸੰਬੰਧੀ ਸਾਵਧਾਨੀਆਂ ਅਪਨਾਉਣ ਤੇ ਜੋਰ ਜਿੱਤਾ। ਮੀਟਿੰਗ ਵਿੱਚ ਮੌਜੂਦ ਆਪਣੇ ਸਾਥੀਆਂ ਤੋਂ ਉਹਨਾਂ ਨੇ ਪਿੰਡਾਂ ਦੀ ਗ੍ਰਾਉਂਡ ਲੈਵਲ ਰਿਪੋਰਟ ਵੀ ਲਈ ਤੇ ਉਹਨਾਂ ਦੇ ਸੁਝਾਅ ਵੀ ਜਾਣੇ। ਮੈਡੀਕਲ-ਪੈਰਾ ਮੈਡੀਕਲ ਟੀਮਾਂ ਦੁਆਰਾ ਵੀ ਕੋਰੋਨਾ ਸੰਬੰਧੀ ਜਾਣਕਾਰੀ ਜਿਆਦਾ ਤੋਂ ਜਿਆਦਾ ਲੋਕਾਂ ਤੱਕ ਪਹੁੰਚਾਏ ਜਾਣ ਦੇ ਸੁਝਾਣ ਤੇ ਡਾ. ਰਾਜ ਨੇ ਕਿਹਾ ਕਿ ਮੈਡੀਕਲ ਟੀਮਾਂ ਪੂਰੀ ਤਰਾਂ ਆਪਣੇ ਕੰਮ ਵਿੱਚ ਰੁੱਝਿਆਂ ਹੋਈਆਂ ਹਨ ਤੇ ਅਸੀ ਆਂਗਨਵਾੜੀ ਤੇ ਆਸ਼ਾ ਵਰਕਰਾਂ ਦੀਆਂ ਸੇਵਾਵਾਂ ਲੈ ਰਹੇ ਹਾਂ। ਡਾ. ਰਾਜ ਨੇ ਚਿੰਤਾ ਵਿਅਕਤ ਕੀਤੀ ਕਿ ਬੱਲਡ ਬੈਂਕਾਂ ਵਿੱਚ ਬੱਲਡ ਦੀ ਘਾਟ ਹੋ ਰਹੀ ਹੈ ਜਦਕਿ ਕੋਰੋਨਾ ਕਰਕੇ ਮਰੀਜਾਂ ਦੀ ਗਿਣਤੀ ਵੱਧ ਰਹੀ ਹੈ?। ਉੱਪਰੋਂ ਕੋਰੋਨਾਂ ਵੈਕਸੀਨ ਲਗਵਾਉਣ ਦੇ 4 ਹਫਤੇ ਤੱਕ ਖੂਨਦਾਨ ਨਹੀਂ ਕੀਤਾ ਜਾ ਸਕਦਾ। ਇਸ ਲਈ ਉਹਨਾਂ ਨੇ ਅਪੀਲ ਕੀਤੀ ਕਿ ਨੌਜਵਾਨ ਅਤੇ ਰੇਗੂਲਰ ਬੱਲਡ ਡੋਨਰ ਕੋਵਿਡ ਵੈਕਸੀਨ ਲਗਵਾਉਣ ਤੋਂ ਪਹਿਲਾਂ ਜਰੂਰ ਖੂਨਦਾਨ ਕਰ ਆਪਣੇ ਸਮਾਜ ਦੀ ਰੱਖਿਆ ਵਿੱਚ ਆਪਣਾ ਯੋਗਦਾਨ ਪਾਉਣ। ਡਾ. ਰਾਜ ਨੇ ਮੁੜ ਦੋਹਰਾਇਆ ਕਿ ਇਹ ਸਮਾਂ ਹੈ ਕਿ ਅਸੀ ਸਾਰੇ ਕੋਰੋਨਾ ਯੋਧੇ ਬਣੀਏ ਤੇ ਇਸ ਮਹਾਂਮਾਰੀ ਨੂੰ ਹਰਾਉਣ ਲਈ ਹਰ ਬਣਦਾ ਉਪਰਾਲਾ ਕਰੀਏ।

# ਸਿਵਲ ਹਸਪਤਾਲ ’ਚ ਕੋਵਿਡ ਮਰੀਜ਼ਾਂ ਦੇ ਇਲਾਜ ਲਈ ਸਾਰੀਆਂ ਸਹੂਲਤਾਂ ਉਪਲਬਧ ਅਪਨੀਤ ਰਿਆਤ





**ਹੁਸ਼ਿਆਰਪੁਰ (ਜਸਵੀਰ ਸਿੰਘ ਪੁਰੇਵਾਲ)** ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਅਪਨੀਤ ਰਿਆਤ ਨੇ ਸਿਵਲ ਹਸਪਤਾਲ ਦਾ ਦੌਰਾ ਕਰਕੇ ਕੋਵਿਡ ਮਰੀਜ਼ਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਦਾ ਜਾਇਜ਼ਾ ਲਿਆ ਇਸ ਦੌਰਾਨ ਉਨ੍ਹਾਂ ਹਸਪਤਾਲ ਵਿੱਚ ਲੱਗਣ ਵਾਲੇ ਆਕਸੀਜਨ ਪਲਾਂਟ ਦੀ ਪ੍ਰਗਤੀ ਸਬੰਧੀ ਜਾਣਕਾਰੀ ਵੀ ਹਾਸਲ ਕੀਤੀ। ਉਨ੍ਹਾਂ ਕੋਵਿਡ ਵਾਰਡ ਵਿੱਚ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੁਵਿਧਾਵਾਂ ਦੀ ਸਮੀਖਿਆਂ ਕਰਦਿਆਂ ਕਿਹਾ ਕਿ ਸਿਹਤ ਵਿਭਾਗ ਦੇ ਸਾਰੇ ਅਧਿਕਾਰੀ ਅਤੇ ਕਰਮਚਾਰੀ ਦਿਨ ਰਾਤ ਕੋਵਿਡ-19 ਦੇ ਮਰੀਜ਼ਾਂ ਦੇ ਇਲਾਜ ਲਈ ਕੰਮ ਕਰ ਰਹੇ ਹਨ ਅਤੇ ਮਰੀਜ਼ਾਂ ਤੱਕ ਹਰ ਸਿਹਤ ਸੁਵਿਧਾ ਪਹੁੰਚਾਉਣ ਦਾ ਯਤਨ ਕਰ ਰਹੇ ਹਨ। ਇਸ ਮੌਕੇ ਉਨ੍ਹਾਂ ਨਾਲ ਸਿਵਲ ਸਰਜਨ ਡਾ. ਰਣਜੀਤ ਸਿੰਘ ਘੋਤਰਾ, ਐਸ.ਐਮ.ਓ ਡਾ. ਜਸਵਿੰਦਰ ਸਿੰਘ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਕੋਵਿਡ ਦੇ ਮਰੀਜ਼ਾਂ ਦੀ ਦੇਖਭਾਲ ਦੇ ਲਈ ਲੱਗੇ ਸਟਾਫ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਵਲੋਂ ਦਿੱਤੀਆਂ ਜਾਣ ਵਾਲੀਆਂ ਬੇਹਤਰੀਨ ਸੇਵਾਵਾਂ ਲਈ ਉਨ੍ਹਾਂ ਹੌਸਲਾ ਅਫਜਾਈ ਵੀ ਕੀਤੀ। ਉਨ੍ਹਾਂ ਕਿਹਾ ਕਿ ਹਸਪਤਾਲ ਵਿੱਚ ਕੋਵਿਡ ਇਲਾਜ ਸਬੰਧੀ ਆਕਸੀਜਨ ਅਤੇ ਸਾਰੀਆਂ ਦਵਾਈਆਂ ਮੌਜੂਦ ਹਨ ਅਤੇ ਮਰੀਜ਼ਾਂ ਵਧੀਆਂ ਢੰਗ ਨਾਲ ਖਿਆਲ ਰੱਖਿਆ ਜਾ ਰਿਹਾ ਹੈ। ਉਨ੍ਹਾਂ ਇਸ ਦੌਰਾਨ ਮਰੀਜ਼ਾਂ ਦੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕੀਤੀ ਅਤੇ ਮਰੀਜ਼ਾਂ ਦੇ ਪਰਿਵਾਰਾਂ ਨੇ ਹਸਪਤਾਲ ਵਲੋਂ ਦਿੱਤੀਆਂ ਜਾਣ ਵਾਲੀਆਂ ਸੁਵਿਧਾਵਾਂ ’ਤੇ ਸੰਤੁਸ਼ਟੀ ਪ੍ਰਗਟ ਕੀਤੀ।

ਅਪਨੀਤ ਰਿਆਤ ਨੇ ਇਸ ਦੌਰਾਨ ਕੋਵਿਡ ਡਿਊਟੀ ਵਿੱਚ ਲੱਗੇ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਮਰੀਜ਼ਾਂ ਦੀ ਬੇਹਤਰੀ ਲਈ ਬਿਨ੍ਹਾਂ ਥੱਕੇ ਅਤੇ ਛੁੱਟੀ ਦੇ ਦਿਨ ਰਾਤ ਸੇਵਾ ਕਰ ਰਹੇ ਹਨ। ਇਸ ਲਈ ਸਾਡੀ ਸਾਰਿਆਂ ਦੇ ਜ਼ੰਮੇਵਾਰੀ ਬਣਦੀ ਹੈ ਕਿ ਅਸੀਂ ਵੀ ਸਿਹਤ ਪ੍ਰੋਟੋਕੋਲ ਦੀ ਗੰਭੀਰਤਾ ਨਾਲ ਪਾਲਣਾ ਕਰੀਏ। ਉਨ੍ਹਾਂ ਕਿਹਾ ਕਿ ਇਸ ਮੁਸ਼ਕਿਲ ਦੌਰ ਵਿੱਚ ਸਿਹਤ ਵਿਭਾਗ ਦੇ ਕਰਮਚਾਰੀ ਜੋ ਕੰਮ ਕਰ ਰਹੇ ਹਨ ਉਸ ਨੂੰ ਸਮਾਜ ਹਮੇਸ਼ਾ ਯਾਦ ਰੱਖੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਬਹੁਤ ਜ਼ਰੂਰੀ ਕੰਮ ਹੋਣ ’ਤੇ ਹੀ ਘਰ ਤੋਂ ਬਾਹਰ ਨਿਕਲਣ ਅਤੇ ਮਾਸਕ ਪਹਿਨਣ, ਸਮਾਜਿ ਦੂਰੀ ਬਣਾਉਣ ਅਤੇ ਸਮੇਂ-ਸਮੇਂ ’ਤੇ ਸਾਬਣ ਨਾਲ ਹੱਥ ਧੋਣ ਦੇ ਨਿਰਦੇਸ਼ਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ।

# ਹੁਸ਼ਿਆਰਪੁਰ ‘ਚ 370 ਨਵੇ ਪਾਜੇਟਿਵ ਮਰੀਜ, 7 ਮਰੀਜ਼ਾਂ ਦੀ ਹੋਈ ਮੌਤ

**ਹੁਸ਼ਿਆਰਪੁਰ (ਜਸਵੀਰ ਸਿੰਘ ਪੁਰੇਵਾਲ)** ਅੱਜ ਫਲੂ ਵਰਗੇ ਸ਼ੱਕੀ ਲੱਛਣਾ ਵਾਲੇ 4086 ਨਵੇ ਸੈਪਲ ਲੈਣ ਨਾਲ ਅਤੇ 4590 ਸੈਪਲਾਂ ਦੀ ਰਿਪੋਟ ਪ੍ਰਾਪਤ ਹੋਣ ਨਾਲ ਅਤੇ ਕੋਵਿਡ ਦੇ 370 ਨਵੇ ਪਾਜੇਟਿਵ ਮਰੀਜਾਂ ਦੇ ਕੇਸ ਆਉਣ ਨਾਲ ਕੁੱਲ ਪਾਜੇਟਿਵ ਮਰੀਜਾਂ ਦੀ ਗਿਣਤੀ 20940 ਹੋ ਗਈ ਹੈ । ਜਿਲੇ ਵਿੱਚ ਕੋਵਿਡ19 ਦੇ ਅੱਜ ਤੱਕ ਲਏ ਗਏ ਕੁੱਲ ਸੈਪਲਾਂ ਦੀ ਗਿਣਤੀ 480189 ਹੋ ਗਈ ਹੈ ਤੇ ਲੈਬ ਤੋ ਪ੍ਰਾਪਤ ਰਿਪੋਟਾਂ ਅਨੁਸਾਰ 454522 ਸੈਂਪਲ ਨੈਗਟਿਵ, ਜਦ ਕਿ 6245 ਸੈਂਪਲਾਂ ਦੀ ਰਿਪੋਟ ਦਾ ਇੰਤਜਾਰ ਹੈ , 202’ ਸੈਂਪਲ ਇਨਵੈਲਡ ਹਨ ਤੇ ਹੁਣ ਤੱਕ ਮੌਤਾਂ ਦੀ ਗਿਣਤੀ 778 ਹੈ । ਐਕਟਿਵ ਕੇਸਾ ਦੀ ਗਿਣਤੀ 2340 ਹੈ, ਜਦ ਕਿ ਠੀਕ ਹੋ ਕਿ ਘਰ ਗਏ ਮਰੀਜਾਂ ਦੀ ਗਿਣਤੀ 19455 ਹੈ । ਸਿਵਲ ਸਰਜਨ ਡਾ ਰਣਜੀਤ ਸਿੰਘ ਨੇ ਇਹ ਦੱਸਿਆ ਕਿ ਜਿਲੇ ਵਿੱਚ ਅੱਜ 370 ਮਰੀਜ ਪਜੇਟਿਵ ਪਾਏ ਗਏ ਹਨ, ਹੁਸ਼ਿਆਰਪੁਰ ਸ਼ਹਿਰ ਦੇ 45 ਪਾਜੇਟਿਵ ਮਰੀਜ ਹਨ, ਤੇ ਬਾਕੀ 245 ਜਿਲੇ ਦੇ ਸਿਹਤ ਕੇਦਰਾ ਦੇ ਮਰੀਜ ਹਨ। ਕੋਰੋਨਾ ਵਾਇਰਸ ਨਾਲ ਜਿਲੇ ਵਿੱਚ 07 ਮੌਤ ਹੋਈਆ ਹਨ । (1) 40 ਸਾਲਾ ਵਿਆਕਤੀ ਵਾਸੀ ਭੂਗਾਂ ਦੀ ਮੌਤ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਹੋਈ (2) 65 ਸਾਲਾ ਔਰਤ ਟਾਡਾ ਦੀ ਮੌਤ ਸਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਹੋਏ (3) 54 ਸਾਲਾ ਵਿਆਕਤੀ ਵਾਸੀ ਪੀ ਆਰ ਟੀ ਸੀ ਜਹਾਨਖੇਲਾ ਦੀ ਮੌਤ ਸਿਵਲ ਹਸਪਤਾਲ ਹੁਸ਼ਿਆਰਪੁਰ (4) 60 ਸਾਲਾ ਔਰਤ ਵਾਸੀ ਨਿਊ ਦਸ਼ਮੇਸ਼ ਨਗਰ ਦੀ ਮੌਤ ਮਾਡਰਨ ਹਸਪਤਾਲ ਹੁਸ਼ਿਆਰਪੁਰ (5) 52 ਸਾਲਾ ਵਿਆਕਤੀ ਵਾਸੀ ਪੁਰਹੀਰਾ ਦੀ ਦੀ ਮੌਤ ਮਾਡਰਨ ਹਸਪਤਾਲ ਹੁਸ਼ਿਆਰਪੁਰ (6) 52 ਸਾਲਾ ਵਿਆਕਤੀ ਵਾਸੀ ਟਾਡਾ ਦੀ ਮੌਤ ਸਿਵਲ ਹਸਪਤਾਲ ਦਸੂਹਾਂ (7) 52 ਸਾਲਾ ਔਰਤ ਵਾਸੀ ਬੁਢਾਬੜ ਦੀ ਮੌਤ ਨਿਜੀ ਹਸਪਤਾਲ ਜਲੰਧਰ ਵਿਖੇ ਹੋਈ ਹੈ । ਕੋਵਿਡ 19 ਵਾਇਰਸ ਦੇ ਸਮਾਜਿਕ ਫਲਾਅ ਨੂੰ ਰੋਕਣ ਲਈ ਮੂੰਹ ਤੇ ਮਾਸਿਕ ਲਗਾਉਣਂ ਭੀੜ ਵਾਲੀਆਂ ਥਾਵਾਂ ਤੋ ਜਾਣ ਤੋ ਗਰੇਜ ਕਰਨਾ ਅਤੇ ਸਮਾਜਿਕ ਦੂਰੀ ਰੱਖਦੇ ਹੋਏ ਲੱਛਣ ਹੋਣ ਤੇ ਆਪਣੀ ਸੈਪਲਿੰਗ ਨਜਦੀਕੀ ਸਿਹਤ ਸੰਸਥਾ ਤੋ ਕਰਵਾਉਣੀ ਚਾਹੀਦੀ ਦੀ ਹੈ ਤਾਂ ਜੋ ਇਸ ਬਿਮਾਰੀ ਦਾ ਜਲਦ ਪਤਾ ਲੱਗਣ ਤੇ ਇਸ ਤੇ ਕੰਟਰੋਲ ਕੀਤਾ ਜਾ ਸਕੇ ।



# ਬੈਂਕ ਨਾਲ 17 ਕਰੋੜ ਰੁਪਏ ਦੀ ਠੱਗੀ ਮਾਰ ਕੇ ਜੋੜਾ ਨਿਊਜੀਲੈਂਡ ਭੱਜ ਗਿਆ

**ਚੰਡੀਗੜ੍ਹ।** ਤਿੰਨ ਸਾਲ ਪਹਿਲਾਂ ਆਈ ਡੀ ਬੀ ਆਈ ਬੈਂਕ ਦੇ ਨਾਲ 17 ਕਰੋੜ 29 ਲੱਖ ਰੁਪਏ ਦੀ ਠੱਗੀ ਦਾ ਕੇਸ ਦਰਜ ਹੋਇਆ ਸੀ, ਜਿਸ ਦੀ ਜਾਂਚ ਸੀ ਬੀ ਆਈ ਕਰ ਰਹੀ ਹੈ, ਪਰ ਅਜੇ ਤੱਕ ਕੋਰਟ ਵਿੱਚ ਇਸ ਕੇਸ ਦਾ ਟ੍ਰਾਇਲ ਸ਼ੁਰੂ ਨਹੀਂ ਹੋ ਸਕਿਆ। ਕਾਰਨ ਇਹ ਹੈ ਕਿ ਇਸ ਕੇਸ ਵਿੱਚ ਮੁੱਖ ਦੋਸ਼ੀ ਅੰਕੁਸ਼ ਸੂਦ ਤੇ ਉਸ ਦੀ ਪਤਨੀ ਸਲੋਨੀ ਸੂਦ ਨਿਊਜ਼ੀਲੈਂਡ ਭੱਜ ਗਏ ਹਨ। ਇਨ੍ਹਾਂ ਨੂੰ ਵਾਪਸ ਇੰਡੀਆ ਲਿਆ ਕੇ ਕੋਰਟ ਵਿੱਚ ਪੇਸ਼ ਕਰਨ ਲਈ ਸੀ ਬੀ ਆਈ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ।




ਇਸ ਸੰਬੰਧ ਵਿੱਚ ਸੀ ਬੀ ਆਈ ਦੀ ਅਦਾਲਤ ਨੇ ਇਨ੍ਹਾਂ ਦੋ ਦੋਸ਼ੀਆਂ ਨੂੰ ਉਨ੍ਹਾਂ ਦੇ ਨਿਊਜ਼ੀਲੈਂਡ ਦੇ ਐਡਰੈੱਸ ਉੱਤੇ ਨੋਟਿਸ ਜਾਰੀ ਕੀਤਾ ਹੈ। ਕੋਰਟ ਨੇ ਗ੍ਰਹਿ ਮੰਤਰਾਲੇ ਦੇ ਰਾਹੀਂ ਨਿਊਜ਼ੀਲੈਂਡ ਵਿੱਚ ਕੌਂਸਲੇਟ ਆਫ ਇੰਡੀਆ ਨੂੰ ਨੋਟਿਸ ਭੇਜੇ ਹਨ, ਪਰ ਉਸਦਾ ਕੋਈ ਜਵਾਬ ਨਹੀਂ ਮਿਲਿਆ, ਇਸ ਲਈ ਗ੍ਰਹਿ ਮੰਤਰਾਲੇ ਨੂੰ ਰਿਮਾਈਂਡਰ ਭੇਜਿਆ ਹੈ। ਇਸ ਕੇਸ ਦੀ ਅਗਲੀ ਸੁਣਵਾਈ 13 ਮਈ ਨੂੰ ਹੋਵੇਗੀ। ਜੇ ਅਜੇ ਵੀ ਦੋਸ਼ੀ ਕੋਰਟ ਵਿੱਚ ਪੇਸ਼ ਨਹੀਂ ਹੋਏ ਤਾਂ ਸੀ ਬੀ ਆਈ ਉਨ੍ਹਾਂ ਨੂੰ ਭਗੌੜਾ ਐਲਾਨ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਸਕਦੀ ਹੈ।

ਅੰਕੁਸ਼ ਸੂਦ ਨੇ ਸੱਤ ਫਰਵਰੀ 2009 ਨੂੰ ਆਈ ਡੀ ਬੀ ਆਈ ਦੇ ਡੀ ਜੀ ਐਮ ਕੋਲ ਕਰਜ਼ੇ ਵਾਸਤੇ ਅਪਲਾਈ ਕੀਤਾ ਸੀ। ਜਾਂਚ ਵਿੱਚ ਪਤਾ ਲੱਗਾ ਕਿ ਅੰਕੁਸ਼ ਨੇ ਕਰਜ਼ਾ ਲੈਣ ਸਮੇਂ ਕੰਪਨੀ ਦੇ ਜੋ ਡਾਕੂਮੈਂਟਸ ਜਮ੍ਹਾ ਕਰਵਾਏ ਸਨ ਅਤੇ ਉਹ ਫਰਜ਼ੀ ਨਿਕਲੇ ਸਨ। ਸੀ ਬੀ ਆਈ ਨੇ ਆਈ ਡੀ ਬੀ ਆਈ ਸੈਕਟਰ-17 ਦੇ ਡੀ ਜੀ ਐਮ ਜਤਿੰਦਰ ਦੀ ਸ਼ਿਕਾਇਤਉੱਤੇ ਐਸ ਐਸ ਟੈਕਨੋ ਕੰਸਲਟੈਂਟ ਪ੍ਰਾਈਵੇਟ ਲਿਮਿਟਿਡ, ਏ ਏ ਏ, ਐਡਪਲਾਸਟ ਪ੍ਰਾਈਵੇਟ ਲਿਮਿਟਿਡ, ਨਿਊਟਾਈਮ ਕਾਨਟ੍ਰੈਕਟਰਸ ਅਤੇ ਬਿਲਡਰਸ ਪ੍ਰਾਈਵੇਟ ਲਿਮਿਟਿਡ, ਅੰਕੁਸ਼ ਸੂਦ, ਸਲੋਨੀ ਅਤੇ ਸੰਜੀਵ ਦੇ ਖ਼ਿਲਾਫ਼ ਕੇਸ ਕੀਤਾ ਹੈ।

# ਕੈਪਟਨ ਵੱਲੋਂ 10 ਸਾਲਾ ਬੱਚੇ ਨੂੰ ਦੋ ਲੱਖ ਰੁਪਏ ਦੇਣ ਅਤੇ ਪੜ੍ਹਾਈ ਦਾ ਖ਼ਰਚਾ ਚੁੱਕਣ ਦਾ ਐਲਾਨ



**ਚੰਡੀਗੜ੍ਹ।** ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ 10 ਸਾਲਾਂ ਦੇ ਵੰਸ਼ ਸਿੰਘ ਦੀ ਹਾਲਤ ਦੇਖ ਕੇ ਕੱਲ੍ਹ ਰਾਜ ਸਰਕਾਰ ਵੱਲੋਂ ਉਸ ਦੀ ਸਿੱਖਿਆ ਲਈ ਪੂਰੀ ਮਦਦ ਕਰਨ ਤੋਂ ਇਲਾਵਾ ਪ੍ਰਵਾਰ ਨੂੰ ਦੋ ਲੱਖ ਰੁਪਏ ਦੀ ਫੌਰੀ ਮਦਦ ਦਾ ਐਲਾਨ ਕੀਤਾ ਹੈ।ਵਰਨਣ ਯੋਗ ਹੈ ਕਿ ਵੰਸ਼ ਸਿੰਘ ਦੀ ਆਪਣੇ ਪ੍ਰਵਾਰ ਦੀ ਸਹਾਇਤਾ ਲਈ ਲੁਧਿਆਣਾ ਦੀਆਂ ਸੜਕਾਂ ਉਤੇ ਜੁਰਾਬਾਂ ਵੇਚਣ ਦੀ ਵੀਡੀਓ ਵਾਇਰਲ ਹੋਈ ਸੀ, ਜਿਸ ਦੀ ਹਾਲਤ ਨੂੰ ਦੇਖ ਕੇ ਮੁੱਖ ਮੰਤਰੀ ਨੇ ਇਹ ਐਲਾਨ ਕੀਤੇ ਹਨ। ਉਨ੍ਹਾ ਨੇ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਨੂੰ ਹੁਕਮ ਦਿੱਤਾ ਹੈ ਕਿ ਵੰਸ਼, ਜੋ ਸਕੂਲ ਛੱਡ ਚੁੱਕਾ ਹੈ, ਨੂੰ ਫਿਰ ਸਕੂਲ ਭੇਜਿਆ ਜਾਵੇ ਅਤੇ ਉਸ ਦੀ ਪੜ੍ਹਾਈ ਦਾ ਸਾਰਾ ਖ਼ਰਚਾ ਰਾਜ ਸਰਕਾਰ ਚੁੱਕੇਗੀ। ਇੱਕ ਕਾਰ ਚਾਲਕ ਵੱਲੋਂ ਜੁਰਾਬਾਂ ਦੀ ਕੀਮਤ ਕੋਂ ਵੱਧ 50 ਰੁਪਏ ਵੱਧ ਵੰਸ਼ ਦੀ ਦੇਣ ਦੀ ਪੇਸ਼ਕਸ਼ ਉੱਤੇ ਵੰਸ਼ ਨੂੰ ਇਨਕਾਰ ਕਰਦੇ ਹੋਏ ਦੀ ਵੀਡੀਓ ਦੇਖਣ ਤੋਂ ਬਾਅਦ ਮੁੱਖ ਮੰਤਰੀ ਨੇ ਇਸ ਲੜਕੇ ਅਤੇ ਉਸ ਦੇ ਪ੍ਰਵਾਰ ਨਾਲ ਵੀਡੀਓ ਕਾਲ ਰਾਹੀਂ ਗੱਲਬਾਤ ਕਰ ਕੇ ਕਿਹਾ ਕਿ ਉਨ੍ਹਾਂ ਨੂੰ ਵੰਸ਼ ਦੇ ਸਵੈ-ਮਾਣ ਨੇ ਪ੍ਰਭਾਵਤ ਕੀਤਾ ਹੈ। ਇਸ ਲੜਕੇ ਦੀ ਵੀਡੀਓ ਨੂੰ ਸੋਸ਼ਲ ਮੀਡੀਆ ਉਤੇ ਲੱਖਾਂ ਲੋਕਾਂ ਨੇ ਦੇਖਿਆ ਅਤੇ ਇਸ ਦੀ ਇਮਾਨਦਾਰੀ ਅਤੇ ਸਵੈ-ਮਾਣ ਦੀ ਸ਼ਲਾਘਾ ਕੀਤੀ ਹੈ।

# ਗਾਇਬ ਹੋਏ 328 ਸਰੂਪਾਂ ਬਾਰੇ ਕੇਸ ਗੁਰਦੁਆਰਾ ਜੁਡੀਸ਼ਲ ਕਮਿਸ਼ਨ ਦੇ ਦਰਜਾ ਪਹੁੰਚਿਆ

**ਅੰਮ੍ਰਿਤਸਰ।** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੇਠਲੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਅੱਗ ਲੱਗਣ ਪਿੱਛੋਂ 328 ਸਰੂਪ ਗਾਇਬ ਹੋਣ ਦੀ ਜਾਂਚ ਲਈ ਅਕਾਲੀ ਦਲ ਅੰਮ੍ਰਿਤਸਰ ਨੇ ਸਿੱਖ ਗੁਰਦੁਆਰਾ ਜੁਡੀਸ਼ਲ ਕਮਿਸ਼ਨ ਵਿਖੇ ਜੱਜ ਸਤਨਾਮ ਸਿੰਘ ਕਲੇਰ ਦੀ ਅਦਾਲਤ ਵਿੱਚ ਪਹੁੰਚ ਕੀਤੀ ਹੈ।

ਕੋਰਟ ਤੋਂ ਬਾਹਰ ਆ ਕੇ ਈਮਾਨ ਸਿੰਘ ਮਾਨ, ਜਸਕਰਨ ਸਿੰਘ ਕਾਹਨ ਸਿੰਘ ਵਾਲਾ ਅਤੇ ਹੋਰਨਾਂ ਨੇ ਕਿਹਾ ਕਿ ਜੋ ਕੰਮ ਸਿੱਖਾਂ ਦੀ ਸਰਬ ਉਚ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਕਰਨਾ ਚਾਹੀਦਾ ਸੀ, ਜਦ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦਾ ਇਨਸਾਫ ਨਹੀਂ ਮਿ-ਲਆ ਤਾਂ ਅਕਾਲੀ ਦਲ ਅੰਮ੍ਰਿਤਸਰ ਨੂੰ ਜੁਡੀਸ਼ਲ ਕਮਿਸ਼ਨਵਿੱਚ ਜਾਣਾ ਪਿਆ ਹੈ।ਉਨ੍ਹਾਂ ਕਿਹਾ ਕਿ ਇਹ ਸਿਲਸਿਲਾ 1984 ਸਮੇਂ ਤੋਸ਼ੇਖਾਨੇ ਵਿੱਚੋਂ ਸਿੱਖ ਜਗਤ ਦੀਆਂ ਇਤਿਹਾਸਕ ਵਸਤਾਂ ਚੁੱਕੇ ਜਾਣ ਅਤੇ ਵਾਪਸ ਨਾ ਮਿਲਣ ਤੋਂ ਸ਼ੁਰੂ ਹੋਇਆ ਸੀ। ਸਿੱਖ ਕੌਮ ਹਮਲਿਆਂ



ਦਾ ਪੂਰਾ ਟਾਕਰਾ ਨਾ ਕਰ ਸਕੀ, ਜਿਸ ਕਾਰਨ ਹਾਲੇ ਤੱਕ ਨਾ ਨਕੋਦਰ ਕਾਂਡ, ਨਾ ਬਰਗਾੜੀ, ਬਹਿਬਲ ਕਲਾਂ ਤੇ ਨਾ ਜਗ੍ਹਾ-ਜਗ੍ਹਾ ਹੋਈ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਤੇ ਸ਼੍ਰੋਮਣੀ ਕਮੇਟੀ ਵੱਲੋਂ ਗਾਇਬ ਕੀਤੇ ਗਏ 328 ਪਾਵਨ ਸਰੂਪਾਂ ਦੇ ਕੇਸਾਂ ਵਿੱਚ ਇਨਸਾਫ਼ ਮਿ-ਲਆ ਹੈ।ਉਨ੍ਹਾਂ ਕਿਹਾ ਕਿ ਗੁਰਦੁਆਰਾ ਜੁਡੀਸ਼ਲ ਕਮਿਸ਼ਨ ਦਾ ਕੋਰਮ ਪੂਰਾ ਨਾ ਹੋਣ ਕਾਰਨ ਅਗਲੀ ਤਾਰੀਖ 28 ਮਈ ਨੂੰ ਹੈ। ਐਡਵੋਕੇਟ ਨਵਪ੍ਰੀਤ ਸਿੰਘ ਮੰਨਣ ਨੇ ਕਿਹਾ ਕਿ ਕਾਗਜ਼ ਪੱਤਰ ਸੌਂਪ ਕੇ ਸਾਰਾ ਕੇਸ ਜੱਜ ਸਤਨਾਮ ਸਿੰਘ ਕਲੇਰ ਨਾਲ ਡਿਸਕਸ ਕੀਤਾ ਗਿਆ ਤਾਂ ਉਨ੍ਹਾਂ ਨੇ ਪ੍ਰਵਾਨ ਕਰ ਲਿਆ ਹੈ, ਪਰ ਅਜਿਹੇ ਕੇਸਾਂ ਵਿੱਚ ਦੋ ਜੱਜਾਂ ਦਾ ਪੈਨਲ ਬੈਠਦਾ ਹੈ ਅਤੇ ਅੱਜ ਕੋਰਟ ਵਿਖੇ ਸਿਰਫ਼ ਇੱਕੋ ਜੱਜ ਸੀ। ਇਸਦੇ ਇਲਾਵਾ ਉਨ੍ਹਾਂ ਦੀ ਸਟੈਨੋ ਕੋਰੋਨਾ ਦੇ ਕਾਰਨ ਕੁਆਰੰਟਾਈਨ ਹੈ, ਜਿਸ ਦਾ ਸਮਾਂ 14 ਦਿਨਾਂ ਹੈ। ਜੱਜ ਸਾਹਿਬ ਨੇ ਅਗਲੀ ਤਾਰੀਖ 28 ਮਈ ਦੀ ਦਿੱਤੀ ਹੈ।

# ਭਾਕਿਯੂ ਏਕਤਾ ਉਗਰਾਹਾਂ ਨੇ ਸਮੂਹ ਦੁਕਾਨਦਾਰਾਂ ਨੂੰ ਆਪਣੀਆਂ ਦੁਕਾਨਾਂ ਖੋਲ੍ਹਣ ਦੀ ਕੀਤੀ ਅਪੀਲ

**ਕੋਟਕਪੂਰਾ (ਰੋਹਿਤ ਆਜ਼ਾਦ)** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਅੱਜ ਪੰਜਾਬ ਭਰ 'ਚ ਕੈਪਟਨ ਅਮਰਿੰਦਰ ਸਿੰਘ ਵੱਲੋਂ ਪੰਜਾਬ ਅੰਦਰ ਕਰੋਨਾ ਬੀਮਾਰੀ ਦੇ ਬਹਾਨੇ ਲਗਾਏ ਗਏ ਲੌਕਡਾਊਣ ਨੂੰ ਫੇਲ੍ਹ ਕਰਨ ਦੇ ਲਈ ਕਿਸਾਨ ਜਥੇਬੰਦਿਆਂ ਵੱਲੋਂ ਪੰਜਾਬ ਅੰਦਰ ਹਰ ਥਾਈਂ ਬਾਜ਼ਾਰਾਂ ਵਿੱਚ ਜਾਕੇ ਸਮੂਹ ਦੁਕਾਨਦਾਰਾਂ ਨੂੰ ਆਪਣੀ ਦੁਕਾਨਾਂ ਨੂੰ ਖੋਲ੍ਹਣ ਦੀ ਅਪੀਲ ਕੀਤੇ ਜਾਣ ਦਾ ਪ੍ਰੋਗ੍ਰਾਮ ਉਲੀਕਿਆ ਗਿਆ ਜਿਸ ਲੜੀ ਤਹਿਤ ਸਥਾਨਕ ਸ਼ਹਿਰ ਅੰਦਰ ਮੁਹੱਲਾ ਪ੍ਰੇਮ ਨਗਰ ਵਿਖੇ ਚੱਲ ਰਹੇ ਭਾਕਿਯੂ ਏਕਤਾ ਉਗਰਾਹਾਂ ਦੇ ਧਰਨੇ ਵਾਲੇ ਸਮੂਹ ਕਿਸਾਨਾਂ ਵੱਲੋਂ ਜਿਲ੍ਹਾ ਪ੍ਰਧਾਨ ਜਸਪਾਲ ਸਿੰਘ ਦੀ ਪ੍ਰਧਾਨਗੀ ਹੇਠ ਇੱਕ ਵਿਸ਼ਾਲ ਇਕੱਠ ਕਰਕੇ ਬਾਜ਼ਾਰਾਂ ਵਿੱਚ ਸਮੂਹ ਦੁਕਾਨਾਂ ਨੂੰ ਖੋਲ੍ਹਣ ਦੀ ਦੁਕਾਨਦਾਰਾਂ ਨੂੰ ਅਪੀਲ ਕੀਤੀ ਗਈ। ਇਸ ਸਮੇਂ ਜਿਲ੍ਹਾ ਪ੍ਰਧਾਨ ਜਸਪਾਲ ਸਿੰਘ ਨੇ ਸਮੂਹ ਦੁਕਾਨਦਾਰਾਂ ਨੂੰ ਅਪੀਲ ਕਰਦਿਆਂ ਆਖਿਆ ਕਿ ਦੇਖੋ ਇਹ ਪੰਜਾਬ ਸਰਕਾਰ ਨੇ ਅੱਜ ਲੌਕਡਾਊਣ ਦੇ ਰੂਪ ਵਿੱਚ ਇੱਕ ਨਵੀਂ ਬੀਮਾਰੀ ਸਾਨੂੰ ਦੇ ਦਿੱਤੀ ਹੈ ਜੋ ਕਿ ਬਹੁਤ ਹੀ ਭਿਆਨਕ ਬੀਮਾਰੀ ਹੈ ਜਿਸ ਦੀ ਪਾਲਣਾ ਕਰਨ ਤੇ ਸਾਡੇ ਬੱਚੇ ਭੁੱਖੇ ਮਰ ਜਾਣਗੇ ਇਸ ਵੇਲੇ ਜੋ ਕਰੋਨਾ ਆਫਤ ਆਪਣੇ ਸਿਰ ਤੇ ਮੰਡਰਾ ਰਹੀ ਹੈ ਸਾਨੂੰ ਉਸਦਾ ਤਾਂ ਪਤਾ ਨਹੀਂ ਪਰ ਭੁੱਖਮਰੀ ਨਾਲ ਅਸੀਂ ਜਰੂਰ ਮਰ ਜਾਣਾ। ਸਾਨੂੰ ਜੋ ਵੀ ਸੰਯੁਕਤ ਕਿਸਾਨ ਮੋਰਚੇ ਦੀ ਕਾਲ ਆਈ ਸੀ ਅਸੀਂ ਉਸੇ ਤਹਿਤ ਅੱਜ ਤੁਹਾਡੀ ਦੁਕਾਨਾਂ ਖੋਲ੍ਹਣ ਦੀ ਮੰਗ ਲੈਕੇ ਤੁਹਾਡੀ ਦਰ ਤੇ ਆਏ ਹਾਂ ਕਿ ਤੁਸੀਂ ਆਪਣੀਆਂ ਦੁਕਾਨਾਂ ਖੋਲੋ ਜੇਕਰ ਇਸ ਵਿੱਚ ਕੋਈ ਪ੍ਰਸ਼ਾਸਨੀਕ ਅਧਿਕਾਰੀ ਤੁਹਾਡੇ ਖਿਲਾਫ ਕਾਰਵਾਈ ਕਰੇਗਾ ਤਾਂ ਅਸੀਂ ਉਸਦਾ ਸਖਤ ਵਿਰੋਧ ਕਰਾਂਗੇ।

# ਵਿਸ਼ਵ ਰੈੱਡ ਕਰਾਸ ਅਤੇ ਥੈਲੇਸੀਮੀਆਂ ਦਿਵਸ ਮੌਕੇ ਸਵੈਇਛੁੱਕ ਕੈਂਪ ਦੌਰਾਨ 51 ਯੂਨਿਟ ਖੂਨ ਇਕੱਤਰ

**ਕੋਟਕਪੂਰਾ (ਰੋਹਿਤ ਆਜ਼ਾਦ)** ਪੀਬੀਜੀ ਵੈੱਲਫੇਅਰ ਕਲੱਬ ਵੱਲੋਂ ਪ੍ਰਧਾਨ ਰਾਜੀਵ ਮਲਿਕ ਅਤੇ ਦਿਹਾਤੀ ਇੰਚਾਰਜ ਨੰਬਰਦਾਰ ਸੁਖਵਿੰਦਰ ਸਿੰਘ ਪੱਪੂ ਦੀ ਅਗਵਾਈ ਹੇਠ ਸਥਾਨਕ ਬਾਬਾ ਦਿਆਲ ਸਿੰਘ ਸਿਵਲ ਹਸਪਤਾਲ ਦੇ ਬਲੱਡ ਬੈਂਕ ਵਿਖੇ ਵਿਸ਼ਵ ਰੈੱਡ ਕਰਾਸ ਅਤੇ ਥੈਲੇਸੀਮੀਆਂ ਦਿਵਸ ਨੂੰ ਸਮਰਪਿਤ ਲਾਏ ਗਏ ਸਵੈਇਛੁੱਕ ਖੂਨਦਾਨ ਕੈਂਪ ਦੌਰਾਨ ਭਾਰੀ ਗਿਣਤੀ ਵਿੱਚ ਉੱਘੀਆਂ ਸ਼ਖਸ਼ੀਅਤਾਂ ਨੇ ਸ਼ਮੂਲੀਅਤ ਕੀਤੀ। ਪ੍ਰੋਜੈਕਟ ਇੰਚਾਰਜ ਰਵੀ ਅਰੋੜਾ, ਪ੍ਰੈਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਅਤੇ ਬਲਜੀਤ ਸਿੰਘ ਖੀਵਾ ਨੇ ਦੱਸਿਆ ਕਿ ਦਾਨੀ ਸੱਜਣਾ ਵਲੋਂ ਦਾਨ ਕੀਤੇ ਗਏ 51 ਯੂਨਿਟ ਖੂਨ ਨਾਲ ਜਿੱਥੇ ਕਿਸੇ ਦੀ ਜਾਨ ਬਚਾਈ ਜਾ ਸਕੇਗੀ, ਉੱਥੇ ਅਜਿਹੇ ਇਤਿਹਾਸਿਕ ਦਿਹਾੜਿਆਂ ਮੌਕੇ ਖੂਨਦਾਨ ਕੈਂਪ ਲਾਉਣ ਦੀ ਹੋਰਨਾ ਨੂੰ ਵੀ ਪ੍ਰੇਰਨਾ ਮਿਲਣੀ ਸੁਭਾਵਿਕ ਹੈ। ਜਨਰਲ ਸਕੱਤਰ ਗੌਰਵ ਗਲਹੋਤਰਾ, ਸਰਪ੍ਰਸਤ ਉਦੇ ਰੰਦੇਵ, ਸੇਵਾਮੁਕਤ ਤਹਿਸੀਲਦਾਰ ਰਾਜਿੰਦਰ ਸਿੰਘ ਸਰਾਂ ਅਤੇ ਗੁਰਮੁੱਖ ਸਿੰਘ ਭੁੱਲਰ ਨੇ ਸਿਹਤ ਅਫਸਰਾਂ ਨੂੰ ਬੇਨਤੀ ਕੀਤੀ ਕਿ ਉਹ ਯਕੀਨੀ ਬਣਾਉਣ ਕਿ ਦਾਨ ਕੀਤਾ ਗਿਆ ਖੂਨ ਹਰ ਤਰਾਂ ਦੇ ਟੈਸਟ ਕਰਨ ਤੋਂ ਬਾਅਦ ਹੀ ਲੋੜਵੰਦ ਮਰੀਜਾਂ ਨੂੰ ਲਾਇਆ ਜਾਵੇ, ਕਿਉਂਕਿ ਕਈ ਵਾਰ ਟੈਸਟ ਕੀਤੇ ਤੋਂ ਬਿਨਾਂ ਮਰੀਜ ਨੂੰ ਲਾਇਆ ਗਿਆ ਖੂਨ ਫਾਇਦਾ ਕਰਨ ਦੀ ਬਜਾਇ ਹੋਰ ਬਿਮਾਰੀਆਂ ਸਹੇੜਨ ਦਾ ਸਬੱਬ ਬਣ ਸਕਦਾ ਹੈ। ਪੀਬੀਜੀ ਵੈੱਲਫੇਅਰ ਕਲੱਬ ਦੇ ਥੈਲੇਸੀਮੀਆਂ ਪ੍ਰੋਜੈਕਟ ਦੇ ਇੰਚਾਰਜ ਰਜਤ ਛਾਬੜਾ ਮੁਤਾਬਿਕ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਦੇ ਕਈ ਜਿਲਿਆਂ ਦੇ ਸਰਕਾਰੀ ਹਸਪਤਾਲਾਂ ਵਿੱਚ ਥੈਲੇਸੀਮੀਆਂ ਤੋਂ ਪੀੜਤ ਮਰੀਜਾਂ ਨੂੰ ਮੁਫ਼ਤ ਦਵਾਈਆਂ ਸਮੇਤ ਹੋਰ ਸਹੂਲਤਾਂ ਮਿਲ ਰਹੀਆਂ ਹਨ ਪਰ ਜਿਲਾ ਫਰੀਦਕੋਟ ਦੇ ਕਿਸੇ ਵੀ ਸਰਕਾਰੀ ਹਸਪਤਾਲ ਵਿੱਚ ਅਜੇ ਉਕਤ ਸਹੂਲਤਾਂ ਸ਼ੁਰੂ ਨਹੀਂ ਕੀਤੀਆਂ ਗਈਆਂ। ਇਸ ਮੌਕੇ ਉਪਰੋਕਤ ਤੋਂ ਇਲਾਵਾ ਅਮਨਦੀਪ ਸਿੰਘ ਗੁਲਾਟੀ, ਚਮਨ ਲਾਲ ਰਿੰਕੀ, ਸ਼ਾਮ ਲਾਲ ਚਾਵਲਾ, ਗੁਰਚਰਨ ਸਿੰਘ, ਰਾਹੁਲ ਸ਼ਰਮਾ, ਗੁਰਪ੍ਰੀਤ ਸਿੰਘ ਗੋਪੀ, ਬਸੰਤ ਅਰੋੜਾ, ਸੁਰਿੰਦਰਪਾਲ ਸਿੰਘ ਆਦਿ ਦਾ ਵੀ ਭਰਪੂਰ ਸਹਿਯੋਗ ਰਿਹਾ।

# ਆਮ ਲੋਕਾਂ ਤੇ ਸ਼ਕਿੰਜਾ ਕੱਸਣ ਦੀ ਬਜਾਏ ਕਰੋਨਾ ਦੀ ਆੜ ਚ ਲੁੱਟਣ ਵਾਲੇ ਹਸਪਤਾਲਾਂ ਤੇ ਕਾਰਵਾਈ ਕਰੇ ਸਰਕਾਰ-ਅਨਜਾਨ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ)** ਭਾਰਤ ਚ ਕਾਰੋਨਾ ਬੜੀ ਤੇਜ਼ੀ ਨਾਲ ਫੈਲ ਰਿਹਾ ਹੈ ਤੇ ਸਰਕਾਰਾਂ ਕਾਰੋਨਾ ਨੂੰ ਰੋਕਣ ਵਿੱਚ ਬਿਲਕੁਲ ਅਸਫਲ ਸਾਬਤ ਹੋਈਆਂ ਹਨ ਦੂਜੇ ਪਾਸੇ ਕਾਰੋਨਾ ਨੇ ਆਮ ਜਨ ਜੀਵਨ ਨੂੰ ਪ੍ਰਭਾਵਿਤ ਕੀਤਾ ਹੈ ਆਮ ਆਦਮੀ ਪਾਰਟੀ ਫਿਰੋਜ਼ਪੁਰ ਦਿਹਾਤੀ ਦੇ ਸੀਨੀਅਰ ਆਗੂ ਮੋੜਾ ਸਿੰਘ ਅਨਜਾਨ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਆਏ ਦਿਨ ਨਵੇਂ ਹੁਕਮਾਂ ਤੋਂ ਆਮ ਲੋਕ ਦੁਕਾਨਦਾਰ ਬਹੁਤ ਪ੍ਰੇਸ਼ਾਨ ਹਨ। ਪੰਜਾਬ ਸਰਕਾਰ ਨੇ ਆਮ ਲੋਕਾਂ ਲਈ ਢੁਕਵੇਂ ਪ੍ਰਬੰਧ ਨਹੀਂ ਕੀਤੇ ਅਨਜਾਨ ਨੇ ਕਿਹਾ ਕਿ ਸਰਕਾਰ ਨੂੰ ਚਾਹੀਦਾ ਸੀ ਲੋਕਾਂ ਦੀ ਰੋਜੀ ਰੋਟੀ ਦਾ ਪ੍ਰਬੰਧ ਕਰਦੀ ਪਰ ਅਜਿਹਾ ਨਹੀਂ ਕੀਤਾ ਅਨਜਾਨ ਨੇ ਕਿਹਾ ਕਿ ਜਦੋ ਪਤਾ ਹੀ ਸੀ ਦੇਸ਼ ਚ ਕਾਰੋਨਾ ਦੀ ਲਹਿਰ ਦੁਬਾਰਾ ਆਏਗੀ ਤਾਂ ਪੰਜਾਬ ਸਰਕਾਰ ਨੇ ਢੁਕਵੇਂ ਪ੍ਰਬੰਧ ਕਿਉਂ ਨਹੀਂ ਕੀਤੇ ਉਨ੍ਹਾਂ ਨੇ ਕਿਹਾ ਕਿ ਆਮ ਲੋਕਾਂ ਤੇ ਸ਼ਕਿੰਜਾ ਕੱਸਣ ਦੀ ਬਜਾਏ ਕੈਪਟਨ ਸਰਕਾਰ ਪੰਜਾਬ ਚ ਕਰੋਨਾ ਦੀ ਆੜ ਚ ਲੁੱਟਣ ਵਾਲੇ ਹਸਪਤਾਲਾਂ ਤੇ ਵੀ ਕਾਰਵਾਈ ਕਰੇ ਤਾਂ ਜੋ ਪੰਜਾਬ ਦੇ ਲੋਕਾਂ ਨੂੰ ਸਹੀ ਇਲਾਜ ਮਿਲ ਸਕੇ।



# ਠੇਕੇਦਾਰਾਂ ਦੇ ਵਰਕਰਾਂ ਨੇ ਠੇਕੇਦਾਰਾਂ ਦੇ ਖਿਲਾਫ ਧਰਨਾ ਪ੍ਰਦਰਸ਼ਨ ਕੀਤਾ



**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ)** ਡੇਲੀਵੇਜ ਵਰਕਰ ਯੂਨੀਅਨ ਹਮੀਰਾ (ਠੇਕੇਦਾਰਾ) ਦੀ ਲੇਬਰ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਠੇਕੇਦਾਰਾਂ ਦੇ ਖ਼ਿਲਾਫ਼ ਧਰਨਾ ਪ੍ਰਦਰਸ਼ਨ ਕੀਤਾ ਇਸ ਧਰਨੇ ਦੇ ਸਮਰਥਨ ਵਿੱਚ ਪਹੁੰਚੇ ਵਾਲਮੀਕਿ ਮਜ਼੍ਹਬੀ ਸਿੱਖ ਮੋਰਚਾ ਦੇ ਪ੍ਰਧਾਨ ਮਹਿੰਦਰ ਸਿੰਘ ਹਮੀਰਾ ਨੇ ਕਿਹਾ ਕਿ ਫੈਕਟਰੀ ਦੁਆਰਾ ਜਿਨ੍ਹਾਂ ਠੇਕੇਦਾਰਾਂ ਨੂੰ ਠੇਕਾ ਦਿੱਤਾ ਹੈ ਉਹ ਠੇਕੇਦਾਰ ਵਰਕਰਾਂ ਦੇ ਨਾਲ ਧੱਕੇਸ਼ਾਹੀ ਕਰ ਰਹੇ ਹਨ ਮਜ਼ਦੂਰਾਂ ਕੋਲੋਂ ਅੱਠ ਘੰਟੇ ਕੰਮ ਲੈਣ ਤੋਂ ਬਾਅਦ ਦਿਹਾੜੀ 280/ਰੁਪਈਏ ਦਿੱਤੀ ਜਾਂਦੀ ਹੈ ਅਤੇ ਉਨ੍ਹਾਂ ਨੇ ਮੰਗ ਕੀਤੀ ਹੈ ਕਿ ਡੇਲੀਵੇਜ ਵਰਕਰਾਂ ਦੀ ਦਿਹਾੜੀ ਘੱਟੋ ਘੱਟ 500 ਰੁਪਏ ਕੀਤੀ ਜਾਵੇ ਅਤੇ ਓਵਰ ਟਾਈਮ ਡਬਲ ਦਿੱਤਾ ਜਾਵੇ ਅਤੇ ਵਰਕਰਾਂ ਨੂੰ ਈ ਐੱਸ ਆਈ ਦੀ ਸਹੂਲਤ ਦਿੱਤੀ ਜਾਵੇ ਅਤੇ ਸਾਲਾਨਾ 12.ਛੁੱਟੀਆਂ ਦਿੱਤੀਆਂ ਜਾਣ ਅਤੇ ਠੇਕੇਦਾਰੀ ਸਿਸਟਮ ਬੰਦ ਕਰ ਕੇ ਕੰਪਨੀ ਵਿੱਚ ਭਰਤੀ ਚਾਲੂ ਕੀਤੀ ਜਾਵੇ ਇਸ ਮੌਕੇ ਜਸਪਾਲ ਸਿੰਘ ਹਮੀਰਾ,ਗੁਰਦੀਪ ਸਿੰਘ,ਨਰਿੰਦਰ ਪਾਲ, ਰਮਨ ਕੁਮਾਰ, ਮੇਜਰ ਸਿੰਘ, ਗੁਰਵਿੰ-ਦਰ ਸਿੰਘ, ਰਾਜ ਕੁਮਾਰ, ਰੌਸ਼ਨ, ਜਸਪ੍ਰੀਤ ਸਿੰਘ, ਸਤਨਾਮ ਸਿੰਘ, ਮੀਕਾ ਸਿੰਘ, ਮਨਦੀਪ ਸਿੰਘ, ਗੁਰਸੇਵਕ ਸਿੰਘ, ਸਵਰਨ ਸਿੰਘ, ਰੋਮੀ, ਕੈਪਟਨ ਸਿਮਰਨਜੀਤ ਸਿੰਘ, ਅਰਸ਼ਦੀਪ ਸਿੰਘ, ਮਹਿੰਦਰ ਸਿੰਘ ਬਲੇਰ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ। ਹਮੀਰਾ ਫੈਕਟਰੀ ਦੇ ਠੇਕੇਦਾਰਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ.ਮਜ਼ਦੂਰਾਂ ਦੀਆਂ ਮੰਗਾਂ ਜਾਇਜ਼ ਨਹੀਂ ਹਨ ਕੰਮ ਦੇ ਹਿਸਾਬ ਨਾਲ 300.ਰੁਪਏ ਦਿਹਾੜੀ ਦੇ ਰਹੇ ਹਨ ਭਰਤੀ ਹੋਣ ਸਮੇ ਵਰਕਰ ਨੂੰ ਸਾਰੀ ਗੱਲ ਸਪੱਸਟ ਕਰ ਦਿੱਤੀ ਜਾਦੀ ਹੈ ਜੇ ਵਰਕਰ ਨੂੰ ਮਨਜੂਰ ਹੂੰਦਾ ਹੈ ਤੇ ਉਸ ਵਰਕਰ ਨੂੰ ਹੀ ਕੰਮ ਤੇ ਰੱਖਿਆ ਜਾਦਾ ਹੈ ਕਿਸੇ ਵੀ ਵਰਕਰ ਨਾਲ ਕੋਈ ਜਬਰਦੱਸਤੀ ਨਹੀ ਕੀਤੀ ਜਾਦੀ ਹੈ।

# ਐੱਨ ਐੱਚ ਐੱਮ ਮੁਲਾਜ਼ਮਾਂ ਵਲੋਂ ਅਣਮਿੱਥੇ ਸਮੇਂ ਲਈ ਕੀਤੀ ਗਈ ਹੜਤਾਲ ਪੰਜਵੇਂ ਦਿਨ ਵਿੱਚ ਸ਼ਾਮਿਲ

**ਫਿਰੋਜ਼ਪੁਰ ( ਅਸ਼ੋਕ ਭਾਰਦਵਾਜ)** ਜ਼ਿਲ੍ਹਾ ਫਿਰੋਜ਼ਪੁਰ ਅਧੀਨ ਸਮੂਹ ਐੱਨ ਐੱਚ ਐੱਮ ਕਰਮਚਾਰੀਆਂ ਦੀ ਅਣਮਿੱਥੇ ਸਮੇਂ ਲਈ ਕੀਤੀ ਗਈ ਮੁਕੰਮਲ ਹੜਤਾਲ ਅੱਜ ਪੰਜਵੇਂ ਦਿਨ ਵੀ ਜਾਰੀ ਰਹੀ। ਡਾ. ਮਨਪ੍ਰੀਤ ਕੌਰ ਆਯੂਰਵੈਦਿਕ ਮੈਡੀਕਲ ਅਫਸਰ ਵੱਲੋਂ ਪੰਜਾਬ ਸਰਕਾਰ ਦੇ ਸੋਸ਼ਣ ਤੋਂ ਤੰਗ ਹੋ ਕੇ ਜ਼ਿਲ੍ਹਾ ਫਿਰੋਜ਼ਪੁਰ ਅਧੀਨ ਐੱਨ ਐੱਚ ਐੱਮ ਕਰਮਚਾਰੀਆਂ ਨੇ ਐਮਰਜੈਂਸੀ ਸੇਵਾਵਾਂ ਬੰਦ ਕੀਤੀਆਂ ਅਤੇ ਉਨ੍ਹਾਂ ਵੱਲੋਂ ਮੰਗਾਂ ਨਾ ਮੰਨਣ ਤੇ ਅਣਮਿੱਥੇ ਸਮੇਂ ਲਈ ਹੜਤਾਲ ਦਾ ਬਿਗਲ ਵਜਾ ਦਿੱਤਾ ਗਿਆ ਹੈ। ਇਸ ਮੌਕੇ ਡਾ. ਮਨਪ੍ਰੀਤ ਕੌਰ ਆਯੂਰਵੈਦਿਕ ਮੈਡੀਕਲ ਅਫਸਰ ਵੱਲੋਂ ਸਿਹਤ ਵਿਭਾਗ ਪੰਜਾਬ ਦੇ ਨੈਸ਼ਨਲ ਹੈੱਲਥ ਮਿਸ਼ਨ ਵਿਚ ਕਰੀਬ 12 ਹਜ਼ਾਰ ਕਰਮਚਾਰੀਆਂ ਨੇ ਸੋਸ਼ਣ ਤੋਂ ਤੰਗ ਹੋ ਕੇ ਅੱਜ ਪੂਰੇ ਪੰਜਾਬ ਵਿਚ ਹੜਤਾਲੀ ਕੀਤੀ। ਸਿਹਤ ਵਿਭਾਗ ਦਾ ਮੁਕੰਮਲ ਕੰਮ ਬੰਦ ਕੀਤਾ। ਵੈਕਸੀਨੇਸ਼ਨ ਦਾ ਪੂਰੀ ਤਰ੍ਹਾਂ ਬਾਈਕਾਟ ਕੀਤਾ, ਕੋਰੋਨਾ ਸੈਂਪਲਿੰਗ, ਰਿਪੋਟਿੰਗ ਬੰਦ ਰੱਖ ਅਤੇ ਐਮਰਜੈਂਸੀ ਸੇਵਾਵਾਂ ਬੰਦ ਰੱਖੀਆਂ। ਪੀਸੀਐੱਮਐੱਸ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਡਾ. ਜਤਿੰਦਰ ਕੋਛੜ ਮੈਡੀਕਲ ਅਫਸਰ (ਐਮਡੀ), ਪੈਰਾ ਮੈਡੀਕਲ ਯੂਨਿਆਨ ਦੇ ਜ਼ਿਲ੍ਹਾ ਪ੍ਰਧਾਨ ਸੁਧੀਰ, ਤਾਲਮੇਲ ਪੈਰਾ ਮੈਡੀਕਲ ਕਮੇਟੀ ਦੇ ਜਿਲ੍ਹਾ ਪ੍ਰਧਾਨ ਰਮਨ ਅੱਤਰੀ, ਪੰਜਾਬ ਏਡਜ਼ ਕੰਟਰੋਲ ਸੋਸਾਇਟੀ ਦੇ ਪ੍ਰਧਾਨ ਸ਼ੈਲੀ ਹਾਂਡਾ ਅਤੇ ਕਾਰਪੋਰੇਸ਼ਨ ਅਤੇ ਆਊਟਸੋਰਸ ਸਮੂਹ ਕਰਮਚਾਰੀਆਂ/ਅਧਿਕਾਰੀਆਂ ਨੇ 10 ਮਈ ਨੂੰ ਸਵੇਰੇ 9 ਵਜੇ ਤੋਂ 11 ਵਜੇ ਤੱਕ ਪੂਰਨ ਤੌਰ ਤੇ ਕੰਮ ਬੰਦ ਕਰਕੇ ਸਿਵਲ ਹਸਪਤਾਲ, ਫਿਰੋਜ਼ਪੁਰ ਵਿਚ ਐੱਨਐੱਚਐੱਮ ਯੂਨੀਅਨ ਵੱਲੋਂ ਸਰਕਾਰ ਵਿਰੁੱਧ ਲਗਾਏ ਗਏ ਧਰਨੇ ਵਿਚ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਸਮੂਹ ਜੱਥੇਬੰਦੀਆਂ ਵੱਲੋਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਕਿ ਜੇਕਰ ਐੱਨਐੱਚਐੱਮ ਅਧੀਨ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨਾ ਮੰਨੀਆਂ ਗਈਆਂ ਤਾਂ



ਸਾਰੀਆਂ ਜੱਥੇਬੰਦੀਆਂ ਪੂਰਨ ਤੌਰ ਤੇ ਪੂਰਾ ਦਿਨ ਕੰਮ ਬੰਦ ਰਖੇਗੀ, ਜਿਸ ਦੀ ਨਿਰੋਲ ਜ਼ਿੰਮੇਵਾਰੀ ਕੈਪਟਨ ਸਰਕਾਰ ਅਤੇ ਸਿਹਤ ਮੰਤਰੀ, ਪੰਜਾਬ ਦੀ ਹੋਵੇਗੀ। ਇਸ ਮੌਕੇ ਐੱਨਐੱਚਐੱਮ ਯੂਨੀਅਨ ਦੇ ਜਨਰਲ ਸਕੱਤਰ ਜੋਗਿੰਦਰ ਸਿੰਘ, ਬਗੀਚ ਸਿੰਘ, ਲਵਪ੍ਰੀਤ ਸਿੰਘ, ਆਰਐੱਨਟੀਸੀਪੀ ਯੂਨੀਅਨ ਦੇ ਪ੍ਰਧਾਨ ਸੰਦੀਪ ਕੁਮਾਰ, ਆਰਬੀਐੱਸਕੇ ਯੂਨੀਅਨ ਦੇ ਪ੍ਰਧਾਨ ਲਲਿਤ ਨਾਗਪਾਲ, ਏਐੱਨਐੱਮ ਯੂਨੀਅਨ ਦੇ ਪ੍ਰਧਾਨ ਸੰਗੀਤਾ, ਸਟਾਫ ਨਰਸ ਯੂਨੀਅਨ ਦੇ ਪ੍ਰਧਾਨ ਪ੍ਰਭਜੋਤ ਕੌਰ, ਆਊਟਸੋਰਸ ਦੇ ਪ੍ਰਧਾਨ ਜਗਸੀਰ ਸਿੰਘ ਆਦਿ ਹਾਜ਼ਰ ਸਨ।

# ਖਤਰਨਾਕ ਗੈਂਗਸਟਰ ਗੈਵੀ ਦੇ ਮਡਿਊਲ ਦਾ ਪਰਦਾਫਾਸ਼, ਪੰਜ ਸਾਥੀ ਹਥਿਆਰਾਂ ਸਣੇ ਗ੍ਰਿਫਤਾਰ

**ਚੰਡੀਗੜ (ਦੀਪਕ ਸ਼ਰਮਾ)** ਗੈਂਗਸਟਰ-ਕਮ-ਨਸ਼ਾ ਤਸਕਰ ਗੈਵੀ ਵੱਲੋਂ ਕੀਤੇ ਖੁਲਾਸੇ ’ਤੇ ਕਾਰਵਾਈ ਕਰਦਿਆਂ ਪੰਜਾਬ ਪੁਲਸ ਨੇ ਅੱਜ ਉਸ ਦੇ ਪੰਜ ਸਾਥੀਆਂ ਦੀ ਗ੍ਰਿਫਤਾਰੀ ਕਰਕੇ ਉਸ ਦੇ ਸਾਰੇ ਮਡਿਊਲ ਦਾ ਪਰਦਾਫਾਸ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਲੋੜੀਂਦੇ ਗੈਂਗਸਟਰ ਜੈਪਾਲ ਦੇ ਕਰੀਬੀ ਸਹਿਯੋਗੀ ਗੈਵੀ ਸਿੰਘ ਉਰਫ਼ ਵਿਜੈ ਉਰਫ਼ ਗਿਆਨੀ ਨੂੰ 26 ਅਪ੍ਰੈਲ ਨੂੰ ਝਾਰਖੰਡ ਦੇ ਸਰਾਏ ਕਿਲਾ ਖਰਸਾਵਾ ਜਲਿ ਤੋਂ ਪੰਜਾਬ ਪੁਲਸ ਦੇ ਸੰਗਠਿਤ ਅਪਰਾਧ ਕੰਟਰੋਲ ਯੂਨਿਟ (ਓ.ਸੀ.ਸੀ.ਯੂ.) ਅਤੇ ਐੱਸ.ਏ.ਐੱਸ. ਨਗਰ ਪੁਲਸ ਵੱਲੋਂ ਇਕ ਸਾਂਝੀ ਮੁਹਿੰਮ ਦੌਰਾਨ ਗ੍ਰਿਫਤਾਰ ਕੀਤਾ ਗਿਆ ਸੀ।

ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਕਰਨਬੀਰ ਸਿੰਘ ਵਾਸੀ ਪਿੰਡ ਅਕਬਰਪੁਰਾ, ਹਰਮਨਜੀਤ ਸਿੰਘ ਵਾਸੀ ਪਿੰਡ ਜੋਹਲਾ, ਗੁਰਜਸਪ੍ਰੀਤ ਸਿੰਘ ਵਾਸੀ ਪਿੰਡ ਬਠਲ ਭਾਈ ਕੇ ਅਤੇ ਰਵਿੰਦਰ ਇਕਬਾਲ ਸਿੰਘ ਵਾਸੀ ਹੰਸਲਾਵਾਲਾ (ਇਹ ਸਾਰੇ ਜਲਿ ਤਰਨਤਾਰਨ ਨਾਲ ਸਬੰਧਤ ਹਨ) ਅਤੇ ਸੈਮੂਅਲ ਉਰਫ਼ ਸੈਮ ਵਾਸੀ ਫਿਰੋਜਪੁਰ ਵਜੋਂ ਕੀਤੀ ਗਈ ਹੈ। ਸਾਰੇ ਮੁਲਜਮਾਂ ਖਲਿਾਫ਼ ਪੰਜਾਬ ਦੇ ਵੱਖ-ਵੱਖ ਜ਼ਲਿਆਂ ਵਿਚ ਕਈ ਅਪਰਾਧਿਕ ਕੇਸ ਦਰਜ ਹਨ। ਡੀ. ਜੀ. ਪੀ. ਦਿਨਕਰ ਗੁਪਤਾ ਨੇ ਦੱਸਿਆ ਕਿ ਪੁਲਸ ਨੇ ਖਰੜ ਦੇ ਅਰਬਨ ਹੋਮਜ-2 ਵਿਖੇ ਸਥਿਤ ਗੈਵੀ ਦੇ ਕਿਰਾਏ ਦੇ ਫਲੈਟ ਤੋਂ 1.25 ਕਿੱਲੋ ਹੈਰੋਇਨ ਬਰਾਮਦ ਕੀਤੀ ਹੈ। ਇਸ ਤੋਂ ਇਲਾਵਾ ਉਸ ਦੇ ਵੱਖ-ਵੱਖ ਟਿਕਾਣਿਆਂ ਤੋਂ 3 ਪਿਸਟਲਾਂ ਜਿਨਾਂ ਵਿਚੋਂ ਇਕ .30 ਕੈਲੀਬਰ ਚੀਨੀ ਪਿਸਟਲ ਅਤੇ ਦੋ .32 ਕੈਲੀਬਰ ਪਿਸਟਲ ਅਤੇ 23 ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਗਏ ਹਨ।

ਉਨਾਂ ਦੱਸਿਆ ਕਿ ਟੋਇਟਾ ਫਾਰਚੂਨਰ, ਮਹਿੰਦਰਾ ਸਕਾਰਪੀਓ ਅਤੇ ਹੁੰਡਈ ਵਰਨਾ ਸਮੇਤ ਤਿੰਨ ਵਾਹਨ ਵੀ ਬਰਾਮਦ ਕੀਤੇ ਗਏ ਹਨ ਜੋ ਕਿ ਨਸ਼ਿਆਂ ਦੀ ਤਸਕਰੀ ਲਈ ਵਰਤੇ ਜਾਂਦੇ ਸਨ। ਉਨਾਂ ਦੱਸਿਆ ਸੈਮੂਅਲ ਜੋ ਕਿ ਜਮਸੇਦਪੁਰ ਵਿਚ ਗੈਵੀ ਦੇ ਨਾਲ ਰਹਿ ਰਿਹਾ ਸੀ, ਗੈਵੀ ਦੀ ਗ੍ਰਿਫਤਾਰੀ ਤੋਂ ਪਹਿਲਾਂ ਦਿੱਲੀ ਫਰਾਰ ਹੋਣ ਵਿਚ ਸਫ਼ਲ ਹੋ ਗਿਆ ਸੀ। ਉਨਾਂ ਦੱਸਿਆ ਕਿ ਸੈਮੂਅਲ ਪਾਕਿਸਤਾਨ ਤੋਂ ਲਿਆਂਦੀ ਹੈਰੋਇਨ ਦੀ ਵੰਡ ਕਰਨ ਦਾ ਕੰਮ ਸੰਭਾਲ ਰਿਹਾ ਸੀ। ਡੀਜੀਪੀ ਮੁਤਾਬਕ ਜਾਂਚ ਦੌਰਾਨ ਗੈਵੀ ਨੇ ਖੁਲਾਸਾ ਕੀਤਾ ਕਿ ਉਸ ਨੇ ਪਿਛਲੇ ਢਾਈ ਸਾਲਾਂ ਦੌਰਾਨ ਪਾਕਿਸਤਾਨ ਤੋਂ ਹਥਿਆਰਾਂ ਸਮੇਤ 500 ਕਿੱਲੋ ਤੋਂ ਵੱਧ ਹੈਰੋਇਨ ਦੀ ਤਸਕਰੀ ਕੀਤੀ ਹੈ।

ਇਨਾਂ ਹਥਿਆਰਾਂ ਅਤੇ ਹੈਰੋਇਨ ਦੀ ਸਪਲਾਈ ਪੰਜਾਬ, ਦਿੱਲੀ ਅਤੇ ਜੰਮੂ



ਕਸਮੀਰ ਦੇ ਸੂਬਿਆਂ ਵਿਚ ਕੀਤੀ ਜਾਂਦੀ ਸੀ। ਗੈਵੀ ਨੇ ਦੱਸਿਆ ਕਿ ਭਾਰਤ-ਪਾਕਿ ਸਰਹੱਦ ’ਤੇ ਇਕ ਸਮੱਗਲਿੰਗ ਬੁਨਿਆਦੀ ਢਾਂਚਾ ਮੌਜੂਦ ਹੈ ਜਿਸ ਰਾਹੀਂ ਬਹੁਤ ਸਾਰੇ ਪਾਕਿਸਤਾਨੀ ਤਸਕਰ ਭਾਰਤ ਵਿਚ ਹਥਿਆਰਾਂ ਅਤੇ ਨਸਿਆਂ ਦੀ ਤਸਕਰੀ ਕਰਦੇ ਹਨ। ਗੈਵੀ ਵੱਲੋਂ ਹਵਾਲਾ ਰੂਟ ਜਾਂ ਫਿਰ ਨਵੀਂ ਦਿੱਲੀ ਸਥਿਤ ਆਯਾਤ/ਨਿਰਯਾਤ ਕੰਪਨੀਆਂ ਰਾਹੀਂ ਭਾਰਤ, ਪਾਕਿਸਤਾਨ ਅਤੇ ਅਫਗਾਨਿਸਤਾਨ ਵਿਚ ਸਥਿਤ ਵਿਅਕਤੀਆਂ ਅਤੇ ਸੰਸਥਾਵਾਂ ਦੇ ਨਾਲ ਵੱਡੀ ਗਿਣਤੀ ਵਿਚ ਵਿੱਤੀ ਲੈਣ-ਦੇਣ ਵੀ ਕੀਤਾ ਜਾਂਦਾ ਸੀ ਜਿਸ ਦੀ ਡੂੰਘੀ ਜਾਂਚ ਕੀਤੀ ਜਾ ਰਹੀ ਹੈ। ਡੀਜੀਪੀ ਨੇ ਕਿਹਾ ਕਿ ਗੈਵੀ ਨੇ ਇਹ ਵੀ ਕਬੂਲਿਆ ਹੈ ਕਿ ਉਸ ਨੇ ਇਕ ਟਰੈਵਲ ਏਜੰਟ ਤੋਂ ਫ਼ਰਜੀ ਵੇਰਵਿਆਂ ਨਾਲ ਜਾਅਲੀ ਭਾਰਤੀ ਪਾਸਪੋਰਟ ਹਾਸਲ ਕੀਤਾ ਸੀ ਅਤੇ ਉਹ ਪੁਰਤਗਾਲ ਵਿਚ ਵੱਸਣ ਦੀ ਯੋਜਨਾ ਬਣਾ ਰਿਹਾ ਸੀ। ਡੀਜੀਪੀ ਨੇ ਕਿਹਾ ਕਿ ਗੈਵੀ ਦੇ ਬੈਂਕ ਖਾਤਿਆਂ ਅਤੇ ਜਾਇਦਾਦਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਇਹ ਜਾਣਕਾਰੀ ਅਗਲੀ ਕਾਰਵਾਈ ਲਈ ਸਬੰਧਤ ਏਜੰਸੀਆਂ ਨਾਲ ਸਾਂਝੀ ਕੀਤੀ ਜਾ ਚੁੱਕੀ ਹੈ। ਗੈਂਗਸਟਰ ਗੈਵੀ ਦੇ ਹੋਰ ਸਾਥੀਆਂ ਦੀ ਵੀ ਪਛਾਣ ਕੀਤੀ ਗਈ ਹੈ ਅਤੇ ਪੰਜਾਬ ਪੁਲਸ ਨੇ ਇਸ ਮਾਮਲੇ ਵਿਚ ਸਾਰੇ ਮੁਲਜਮ ਵਿਅਕਤੀਆਂ ਨੂੰ ਫੜਨ ਲਈ ਕਾਰਵਾਈ ਸੁਰੂ ਕਰ ਦਿੱਤੀ ਹੈ।

# ਕੋਵਿਡ ਦੀ ਦੂਜੀ ਲਹਿਰ ਕਾਰਨ ਸੈਪਲਿੰਗ ਵਿਚ ਤੇਜੀ- ਰੋਜ਼ਾਨਾ 3000 ਤੋਂ ਜਿਆਦਾ ਲਏ ਜਾ ਰਹੇ ਹਨ ਨਮੂਨੇ

**ਕਪੂਰਥਲਾ।** ਕਪੂਰਥਲਾ ਜਿਲੇ ਅੰਦਰ ਕੋਵਿਡ ਟੈਸਟ ਲਈ ਇਕੱਤਰ ਕੀਤੇ ਗਏ ਸੈਂਪਲਾਂ ਦਾ ਅੰਕੜਾ 3 ਲੱਖ ਤੋਂ ਪਾਰ ਕਰ ਗਿਆ ਹੈ। ਇਸ ਤੋਂ ਇਲਾਵਾ ਕੋਵਿਡ ਦੀ ਦੂਜੀ ਲਹਿਰ ਦੇ ਮੱਦੇਨਜ਼ਰ ਇਹ ਮਹਾਂਮਾਰੀ ਨੂੰ ਸ਼ੁਰੂ ਵਿਚ ਵੀ ਪਛਾਣਕੇ ਉਸਦਾ ਇਲਾਜ ਕਰਨ ਲਈ ਟੈਸਟਿੰਗ ਵਿਚ ਤੇਜੀ ਲਿਆਂਦੀ ਗਈ ਹੈ, ਜਿਸ ਤਹਿਤ ਰੋਜ਼ਾਨਾ ਇਕੱਤਰ ਕੀਤੇ ਜਾ ਰਹੇ ਸੈਂਪਲਾਂ ਦੀ ਗਿਣਤੀ ਵੀ 3000 ਤੋਂ ਟੱਪ ਗਈ ਹੈ, ਜੋ ਕਿ ਪਹਿਲਾਂ 1800 ਤੋਂ 2000 ਸੀ। ਡਿਪਟੀ ਕਮਿਸ਼ਨਰ ਕਪੂਰਥਲਾ ਸ੍ਰੀਮਤੀ ਦੀਪਤੀ ਉੱਪਲ ਨੇ ਦੱਸਿਆ ਕਿ ਜਿਲੇ ਅੰਦਰ ਬੀਤੀ 5 ਮਈ ਤੱਕ ਹੀ 311126 ਕੋਵਿਡ ਟੈਸਟ ਕੀਤੇ ਜਾ ਚੁੱਕੇ ਹਨ, ਜਿਸ ਵਿਚੋਂ 3 ਮਈ ਨੂੰ 2385, 4 ਮਈ ਨੂੰ 3145 ਅਤੇ 5 ਮਈ ਨੂੰ 3005 ਸੈਂਪਲ ਲਏ ਗਏ। ਉਨਾਂ ਦੱਸਿਆ ਕਿ ਜਿਲਾ ਪ੍ਰਸ਼ਾਸ਼ਨ ਵਲੋਂ ਵੱਖ-ਵੱਖ ਸੰਚਾਰ ਸਾਧਨਾਂ ਰਾਹੀਂ ਲੋਕਾਂ ਨੂੰ ਲੱਛਣ ਹੋਣ ’ਤੇ ਤੁਰੰਤ ਟੈਸਟ ਕਰਵਾਉਣ ਦੇ ਸਾਰਥਿਕ ਨਤੀਜੇ ਨਿਕਲੇ ਹਨ, ਜਿਸ ਕਰਕੇ ਲੋਕ ਹੁਣ ਜਿਆਦਾ ਟੈਸਟ ਕਰਵਾਉਣ ਲਈ ਸਾਹਮਣੇ ਆ ਰਹੇ ਹਨ। ਹੁਣ ਤੱਕ ਲਏ ਗਏ ਨਮੂਨਿਆਂ ਵਿਚੋਂ ਕੁੱਲ 13868 ਪਾਜੀਵਿਟ ਕੇਸ ਸਾਹਮਣੇ ਆਏ ਸਨ, ਜਿਨਾਂ ਵਿਚੋਂ 12852 ਕਪੂਰਥਲਾ ਜਿਲੇ ਦੇ ਅਤੇ 1016 ਹੋਰਨਾਂ ਜਿਲਿਆਂ ਨਾਲ ਸਬੰਧਤ ਸਨ। ਉਨਾਂ ਇਹ ਵੀ ਕਿਹਾ ਕਿ ਕਪੂਰਥਲਾ ਜਿਲੇ ਦੇ ਕੇਸਾਂ ਵਿਚੋਂ 11554 ਸਿਹਤਯਾਬ ਹੋ ਕੇ ਘਰ ਪਰਤ ਗਏ ਹਨ ਜਦਕਿ 948 ਐਕਟਿਵ ਕੇਸ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ਹਿਰਾਂ ਅੰਦਰ ਸਬਜ਼ੀਆਂ ਮੰਡੀਆਂ,



ਮੁਹੱਲਿਆਂ, ਕਣਕ ਦੇ ਸੀਜ਼ਨ ਦੌਰਾਨ ਦਾਣਾ ਮੰਡੀਆਂ, ਪੁਲਿਸ ਨਾਕਿਆਂ ਉੱਪਰ ਟੈਸਟਿੰਗ ਸ਼ੁਰੂ ਕੀਤੀ ਗਈ ਹੈ। ਉਨਾਂ ਇਹ ਵੀ ਦੱਸਿਆ ਕਿ ਕੋਵਿਡ ਸਬੰਧੀ ਮੌਤਾਂ ਦਾ ਮੁੱਖ ਕਾਰਨ ਦੇਰੀ ਨਾਲ ਟੈਸਟ ਕਰਵਾਉਣਾ ਤੇ ਇਸਦਾ ਸਮੇਂ ਸਿਰ ਇਲਾਜ ਨਾ ਕਰਵਾਉਣਾ ਹੈ, ਜਿਸ ਕਰਕੇ ਲੋਕ ਟੈਸਟਿੰਗ ਦੀ ਮਹੱਤਤਾ ਨੂੰ ਸਮਝਣ ਤੇ ਟੈਸਟ ਜ਼ਰੂਰ ਕਰਵਾਉਣ।

# ਪੇਂਡ ਮਜ਼ਦਰ ਯੂਨੀਅਨ ਵੱਲੋਂ ਲਾਕਡਾਊਨ ਵਿਰੁੱਧ ਮੁਜ਼ਾਹਰਾਂ

**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ)** - ਸਰਕਾਰ ਵਲੋਂ ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਲਈ ਲਗਾਏ ਲਾਕਡਾਊਨ ਨੂੰ ਤੋੜਦੇ ਹੋਏ ਦੁਕਾਨਾਂ, ਕਾਰੋਬਾਰ ਖੁਲਵਾਉਣ ਲਈ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਉੱਤੇ ਅੱਜ ਏਥੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਅਤੇ ਕਿਰਤੀ ਕਿਸਾਨ ਯੂਨੀਅਨ ਵਲੋਂ ਬਾਜ਼ਾਰਾਂ ਵਿੱਚ ਮੁਜ਼ਾਹਰਾ ਕੀਤਾ ਗਿਆ ਅਤੇ ਦੁਕਾਨਦਾਰਾਂ, ਛੋਟੇ ਕਾਰੋਬਾਰੀਆਂ, ਰੇੜੀ ਫੜੀ ਵਾਲਿਆਂ ਨਾਲ ਇੱਕਮੁੱਠਤਾ ਪ੍ਰਗਟ ਕੀਤੀ ਗਈ। ਇਸ ਮੌਕੇ ਲਾਕਡਾਊਨ ਖ਼ਤਮ ਕਰਨ ਅਤੇ ਸਵੇਰੇ 7 ਵਜੇ ਤੋਂ ਸ਼ਾਮ 9 ਵਜੇ ਤੱਕ ਸਾਰੀਆਂ ਦੁਕਾਨਾਂ, ਛੋਟੇ ਕਾਰੋਬਾਰ ਖੋਹਲਣ, ਰੇੜੀਆਂ- ਫੜੀਆਂ ਲਾਉਣ ਦੀ ਖੁੱਲ੍ਹ ਦੇਣ ਦੀ ਮੰਗ ਕੀਤੀ ਗਈ।

ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਕਿਹਾ ਕਿ ਕਰੋਨਾ ਦੇ ਖਾਤਮੇ ਲਈ ਸਰਕਾਰ ਪੂਰੇ ਬੰਦੋਬਸਤ ਕਰਨ ਵਿੱਚ ਫੇਲ ਸਾਬਿਤ ਹੋਈ ਹੈ। ਸਰਕਾਰ ਵਲੋਂ ਬਣਾਈ ਕਮੇਟੀ ਦੀਆਂ ਸਿਫਾਰਸ਼ਾਂ ਅਨੁਸਾਰ ਲਗਾਏ ਜਾਂ ਵਾਲੇ ਆਕਸੀਜਨ ਦੇ ਪਲਾਂਟ ਲਗਾਏ ਨਹੀਂ, ਸਰਕਾਰੀ ਹਸਪਤਾਲਾਂ ਵਿੱਚ ਪ੍ਰਬੰਧਾਂ ਦੀ ਘਾਟ ਦੂਰ ਕੀਤੀ ਨਹੀਂ ਗਈ। ਕਸੂਰਵਾਰ ਸਰਕਾਰ ਖੁਦ ਅਤੇ ਸਜ਼ਾ ਲਾਕਡਾਊਨ ਲਗਾ ਕੇ ਦੁਕਾਨਦਾਰਾਂ, ਛੋਟੇ ਕਾਰੋਬਾਰੀਆਂ,ਰੇੜੀ ਫੜੀ ਵਾਲਿਆਂ ਉੱਤੇ ਪਾਬੰਦੀਆਂ ਮੜ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਪਾਬੰਦੀਆਂ ਲਗਾ ਕੇ ਪੰਜਾਬ ਨੂੰ ਪੁਲਿਸ ਰਾਜ ਵਿੱਚ ਤਬਦੀਲ ਕੀਤਾ ਹੋਇਆ ਹੈ।

ਇਸ ਮੌਕੇ ਵੱਖ-ਵੱਖ ਦੁਕਾਨਦਾਰਾਂ ਨੇ ਦੱਸਿਆ ਕਿ ਉਹ ਆਪਣੇ ਕਾਰੋਬਾਰ ਬੰਦ ਹੋਣ ਕਰਕੇ ਬਹੁਤ ਹੀ ਪ੍ਰੇਸ਼ਾਨੀ ਵਿਚੋਂ ਲੰਘ ਰਹੇ ਹਨ। ਉਹਨਾਂ ਦੇ ਕਾਰੋਬਾਰ ਤਬਾਹੀ ਦੇ ਕੰਢੇ ਪਹੁੰਚ ਗਏ ਹਨ ਪਰ ਸਰਕਾਰ ਅਤੇ ਪ੍ਰਸ਼ਾਸਨ ਉਹਨਾਂ ਨੂੰ ਡੰਡੇ ਦੇ ਜੋਰ ਦਬਾਉਣ ਤੇ ਉਤਾਰੂ ਹਨ ਪਰ ਉਹ ਸਰਕਾਰ ਦੇ ਡਰ ਅੱਗੇ ਨਹੀਂ ਝੁਕਣਗੇ। ਸਰਕਾਰ ਰੋਜ਼ ਹੀ ਨਵੇਂ ਨਵੇਂ ਅਤੇ ਅਨੋਖੇ ਹੁਕਮ ਚਾਹੜ ਰਹੀ ਹੈ,ਜਿਹਨਾਂ ਦੀ ਉਹਨਾਂ ਨੂੰ ਜਾਣਕਾਰੀ ਵੀ ਨਹੀਂ ਦਿੱਤੀ ਜਾਂਦੀ। ਉਹ ਅਜੇ ਦੁਕਾਨਾਂ ਖੋਹਲ ਰਹੇ ਹੁੰਦੇ ਹਨ ਕਿ ਸਵੇਰ ਵੇਲੇ ਪੁਲਿਸ ਨਵੇਂ ਹੁਕਮ ਲੈਕੇ ਉਹਨਾਂ ਨੂੰ ਦਬਕੇ ਮਾਰਨ ਆ ਪਹੁੰਚਦੀ ਹੈ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਲੌਕਡਾਊਨ ਕੋਈ ਕਰੋਨਾ ਦਾ ਹੱਲ ਨਹੀਂ ਹੈ। ਦੁਕਾਨਦਾਰਾਂ ਦੇ ਧੰਦੇ ਚੌਪਟ ਹੋ ਗਏ ਹਨ ਪਰ




ਬਹੁਕੌਮੀ ਕੰਪਨੀਆਂ ਦਾ ਮਾਲ ਆਨਲਾਈਨ ਵਿਕ ਰਿਹਾ ਹੈ,ਜਿਹਨਾਂ ਦੀ ਸੇਲ ਪਹਿਲਾਂ ਨਾਲੋਂ ਵੀ ਵੱਧ ਗਈ ਹੈ।ਇਹੀ ਸਰਕਾਰਾਂ ਦਾ ਅਜੰਡਾ ਹੈ। ਸਰਕਾਰ ਕਰੋਨਾ ਦੀ ਦੁਹਾਈ ਤਾਂ ਦੇ ਰਹੀ ਹੈ, ਲੋਕਾਂ ਵਿਚ ਸਹਿਮ ਪੈਦਾ ਕਰ ਰਹੀ ਹੈ, ਪਰ ਹਸਪਤਾਲਾਂ ਵਿਚ ਵੈਕਸੀਨ ਨਹੀਂ ਹੈ, ਦਵਾਈਆਂ ਦੀ ਭਾਰੀ ਤੋਟ ਹੈ, ਆਕਸੀਜਨ ਦੀ ਕਮੀ ਮਰੀਜ਼ਾਂ ਦੀ ਜਾਨ ਲੈ ਰਹੀ ਹੈ, ਨਿੱਜੀ ਹਸਪਤਾਲ ਲੁੱਟ ਮਚਾ ਰਹੇ ਹਨ। ਆਕਸੀਜਨ, ਦਵਾਈਆਂ ਦੀ ਬਲੈਕ ਹੋ ਰਹੀ ਹੈ ਅਜਿਹੇ ਬਲੈਕਮੇਲਰਾਂ ਉੱਤੇ ਸਰਕਾਰ ਦੀ ਕੋਈ ਸਖਤੀ ਨਹੀਂ ਹੈ। ਸਰਕਾਰ ਦਾ ਕਰੋਨਾ ਦੇ ਨਾਂਅ ਉੱਤੇ ਪਾਬੰਦੀਆਂ ਲਾਉਣ ਦਾ ਮਕਸਦ ਖੇਤੀ ਕਾਨੂੰਨਾਂ ਵਿਰੁੱਧ ਚੱਲ ਰਹੇ ਘੋਲ ਨੂੰ ਢਾਹ ਲਾਉਣਾ ਹੈ। ਜਿਸਦੇ ਲਈ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਕੈਪਟਨ ਸਰਕਾਰ ਸਾਂਝੀ ਯੋਜਨਾ ਉੱਤੇ ਕੰਮ ਕਰ ਰਹੀਆਂ ਹਨ ਜਿਸਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਮੁੱਖ ਮੰਤਰੀ ਵੱਲੋਂ ਕੈਂਸਰ ਮਰੀਜ਼ਾਂ ਲਈ ਕੀਮੋਥੈਰੇਪੀ ਦਾ ਪ੍ਰਬੰਧ ਕਰਨ ਨਿਰਦੇਸ਼

**ਚੰਡੀਗੜ (ਦੀਪਕ ਸ਼ਰਮਾ)** ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਸ਼ੁੱਕਰਵਾਰ ਨੂੰ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਅਤੇ ਮੈਡੀਕਲ ਸਿੱਖਿਆ ਮੰਤਰੀ ਓ. ਪੀ. ਸੋਨੀ ਨੂੰ ਹਦਾਇਤ ਕੀਤੀ ਕਿ ਉਹ ਬਠਿੰਡਾ ਸਿਵਲ ਹਸਪਤਾਲ ਵਿਚ ਕੈਂਸਰ ਦੇ ਮਰੀਜ਼ਾਂ ਨੂੰ ਕੀਮੋਥੈਰੇਪੀ ਉਪਲੱਬਧ ਕਰਵਾਉਣ ਦੀਆਂ ਸੰਭਾਵਨਾਵਾਂ ਦਾ ਪਤਾ ਲਗਾਉਣ। ਉਨਾਂ ਕਿਹਾ ਕਿ ਜ਼ਿਲੇ ਦੇ ਕੈਂਸਰ ਹਸਪਤਾਲ ਨੂੰ ਕੋਵਿਡ ਮਰੀਜ਼ਾਂ ਲਈ ਐੱਲ-3 ਸਹੂਲਤ ਦੇ ਤੌਰ ’ਤੇ ਇਸਤੇਮਾਲ ਕਰਨਾ ਜਾਰੀ ਰੱਖਿਆ ਜਾਵੇ। ਮੁੱਖ ਮੰਤਰੀ ਨੇ ਕਿਹਾ ਕਿ ਕੈਂਸਰ ਦੇ ਜਿਨਾਂ ਮਰੀਜ਼ਾਂ ਨੂੰ ਰੈਗੂਲਰ ਤੌਰ ’ਤੇ ਪੇਨਕਿਲਰ ਦੀ ਲੋੜ ਹੁੰਦੀ ਹੈ, ਉਨਾਂ ਲਈ ਕੁੱਝ ਬਦਲਵੇਂ ਪ੍ਰਬੰਧ ਕੀਤੇ ਜਾਣ ਚਾਹੀਦੇ ਹਨ। ਕੋਵਿਡ ਸਮੀਖਿਆ



ਬੈਠਕ ਵਿਚ ਇਸ ਤੋਂ ਪਹਿਲਾਂ ਮੁੱਖ ਸਕੱਤਰ ਵਿੰਨੀ ਮਹਾਜਨ ਨੇ ਕਿਹਾ ਕਿ ਕੈਂਸਰ ਹਸਪਤਾਲ ਦੇ 25 ਬੈੱਡ ਕੋਵਿਡ-19 ਮਰੀਜ਼ਾਂ ਲਈ ਇਸਤੇਮਾਲ ਕੀਤੇ ਜਾ ਰਹੇ ਹਨ ਕਿਉਂਕਿ ਬਠਿੰਡਾ ਏਮਜ ਐੱਲ-3 ਦੇ ਇਲਾਜ ਲਈ ਉਪਲੱਬਧ ਨਹੀਂ ਹੈ ਅਤੇ ਦੱਖਣੀ ਪੰਜਾਬ ਦੇ ਮਰੀਜ਼ਾਂ ਨੂੰ ਇਲਾਜ ਲਈ ਅਜਿਹੀ ਕੋਈ ਅਤੇ ਸਹੂਲਤ ਉਪਲੱਬਧ ਨਾ ਹੋਣ ਦੇ ਕਾਰਣ ਗੰਭੀਰ ਮਰੀਜ਼ਾਂ ਨੂੰ ਇਲਾਜ ਲਈ ਲੁਧਿਆਣਾ ਜਾਂ ਪਟਿਆਲਾ ਵਿਚ ਜਾਣਾ ਪੈਂਦਾ ਹੈ। ਉਨਾਂ ਨੇ ਕਿਹਾ ਕਿ ਇਥੇ ਕੈਂਸਰ ਦੇ 40 ਮਰੀਜ਼ ਹਨ, ਜੋ ਹਸਪਤਾਲ ਜਾਂਦੇ ਹਨ ਅਤੇ ਵੱਖਰੇ ਖੇਤਰ ਵਿਚ ਇਲਾਜ ਕਰਵਾਉਂਦੇ ਹਨ, ਜਿਸ ਨਾਲ ਉਨਾਂ ਨੂੰ ਕੋਵਿਡ ਸਬੰਧੀ ਕੋਈ ਖਤਰਾ ਨਹੀਂ ਹੁੰਦਾ।

# ਕੋਰੋਨਾ ਆਫਤ ਨਾਲ ਲੜ ਰਹੇ ਪੰਜਾਬ ਦੇ ਅੰਕੜਿਆਂ ‘ਚ ਸਾਹਮਣੇ ਆਈ ਗੱਲ

**ਚੰਡੀਗੜ(ਦੀਪਕ ਸ਼ਰਮਾ)** ਕੋਰੋਨਾ ਮਹਾਮਾਰੀ ਨਾਲ ਲੜ ਰਹੇ ਪੰਜਾਬ ਲਈ ਇਕ ਹੋਰ ਚਿੰਤਾ ਭਰੀ ਖਬਰ ਹੈ। ਜਿੱਥੇ ਭਾਜਪਾ ਸ਼ਾਸਿਤ ਸੂਬਿਆਂ ਨੂੰ ਕੋਰੋਨਾ ਵੈਕਸੀਨ ਅਤੇ ਹੋਰ ਮਦਦ ਭੇਜੀ ਜਾ ਰਹੀ ਹੈ, ਉੱਥੇ ਹੀ ਪੰਜਾਬ ਨੂੰ ਨਾ ਤਾਂ ਵੈਕਸੀਨ ਮਿਲ ਰਹੀ ਹੈ ਅਤੇ ਨਾ ਹੀ ਫੰਡ। ਇਸ ਗੱਲ ਦਾ ਖੁਲਾਸਾ ਬਾਬਾ ਫਰੀਦ ਯੂਨੀਵਰਸਿਟੀ ਆਫ ਮੈਡੀਕਲ ਸਾਇੰਸਿਜ ਦੇ ਸਾਬਕਾ ਰਜਿਸਟਰਾਰ ਡਾ. ਪਿਆਰਾ ਲਾਲ ਗਰਗ ਵੱਲੋਂ ਕੀਤਾ ਗਿਆ ਹੈ। ਡਾ. ਪਿਆਰਾ ਲਾਲ ਗਰਗ ਵੱਲੋਂ ਇਸ ਸਬੰਧੀ ਅੰਕੜੇ ਇਕੱਠੇ




ਕੀਤੇ ਗਏ ਹਨ। ਇਨਾਂ ਅੰਕੜਿਆਂ ‘ਚ ਇਹ ਗੱਲ ਕਹੀ ਗਈ ਹੈ ਕਿ ਸੰਘੀ ਢਾਂਚੇ ‘ਚ ਕੇਂਦਰ ਸਰਕਾਰ ਲਈ ਸਾਰੇ ਸੂਬੇ ਇੱਕੋ ਜਿਹੇ ਹੁੰਦੇ ਹਨ, ਇਸ ਲਈ ਜੋ ਵੀ ਚੀਜ ਕੇਂਦਰ ਵੱਲੋਂ ਦਿੱਤੀ ਜਾਂਦੀ ਹੈ, ਉਹ ਸੂਬਿਆਂ ਦੀ ਆਬਾਦੀ ਅਤੇ ਲੋੜ ਦੇ ਹਿਸਾਬ ਨਾਲ ਬਰਾਬਰ ਦਿੱਤੀ ਜਾਂਦੀ ਹੈ। ਉਨਾਂ ਕਿਹਾ ਕਿ ਇਸ ਸਮੇਂ ਕੋਵਿਡ ਨਾਲ ਲੜਨ ਲਈ ਨਾ ਤਾਂ ਪੰਜਾਬ ਕੋਲ ਵੈਕਸੀਨ ਅਤੇ ਨਾ ਹੀ ਆਕਸੀਜਨ ਦੀ ਸਪਲਾਈ ਕਰਨ ‘ਚ ਅਜਿਹਾ ਹੋ ਰਿਹਾ ਹੈ। ਇੰਨਾ ਹੀ ਨਹੀਂ ਐਨ. ਡੀ. ਆਰ. ਐੱਫ. ਤੋਂ ਪੂਰਾ ਪੈਸਾ ਵੀ ਨਹੀਂ ਮਿਲ ਰਿਹਾ ਹੈ। ਡਾ. ਗਰਗ ਨੇ ਕਿਹਾ ਕਿ 3 ਮਈ ਤੱਕ ਦੇ ਜੋ ਅੰਕੜੇ ਉਨਾਂ ਨੇ ਮੰਤਰਾਲੇ ਤੋਂ ਲਏ ਹਨ, ਉਨਾਂ ਅਨੁਸਾਰ ਪੰਜਾਬ ‘ਚ ਵੈਕਸੀਨ ਦੀ ਵੇਸਟੇਜ ਵੀ ਘੱਟ ਹੈ। ਪੰਜਾਬ ‘ਚ ਇਹ 4.98 ਫੀਸਦੀ ਹੈ, ਜਦੋਂ ਕਿ ਹਰਿਆਣਾ ‘ਚ ਇਹ 5.72 ਫੀਸਦੀ ਹੈ। ਉਨਾਂ ਕਿਹਾ ਕਿ ਵੈਕਸੀਨ ਦੀ ਨਵੀਂ ਸਪਲਾਈ ‘ਚ ਵੀ ਇਹੀ ਰਵੱਈਆ ਅਪਣਾਇਆ ਜਾ ਰਿਹਾ ਹੈ। ਦੱਸਣਯੋਗ ਹੈ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨਾਲ ਬੀਤੇ ਦਿਨੀਂ ਕਾਂਗਰਸੀ ਸੰਸਦ ਮੈਂਬਰਾਂ ਵੱਲੋਂ ਮੀਟਿੰਗ ਕੀਤੀ ਗਈ ਸੀ। ਮੀਟਿੰਗ ਦੌਰਾਨ ਵੀ ਸੰਸਦ ਮੈਂਬਰਾਂ ਨੇ ਵੈਕਸੀਨ ਘੱਟ ਮਿਲਣ ਦੀ ਸ਼ਿਕਾਇਤ ਚੁੱਕਦੇ ਹੋਏ ਕਿਹਾ ਸੀ ਕਿ ਪੰਜਾਬ ਨਾਲ ਪੱਖਪਾਤ ਵਾਲਾ ਰਵੱਈਆ ਅਪਣਾਇਆ ਜਾ ਰਿਹਾ ਹੈ।

# ਖ਼ੂਨ-ਦਾਨ ਕੈਂਪ ਲਗਾ ਕੇ ਮਨਾਇਆ ਵਿਸ਼ਵ ਰੈੱਡ ਕਰਾਸ ਦਿਵਸ



**ਫ਼ਿਰੋਜ਼ਪੁਰ (ਅਸ਼ੋਕ ਭਾਰਦਵਾਜ)** ਜ਼ਿਲ੍ਹਾ ਰੈੱਡ ਕਰਾਸ ਸ਼ਾਖਾ ਫਿਰੋਜ਼ਪੁਰ ਵੱਲੋਂ ਸ੍ਰੀ ਗੁਰਪਾਲ ਸਿੰਘ ਚਾਹਲ ਆਈਏਐਸ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ ਤੇ ਵਿਸ਼ਵ ਰੈੱਡ ਕਰਾਸ ਦਿਵਸ ਦੇ ਮੌਕੇ ਬਲੱਡ ਬੈਂਕ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਇਕ ਖ਼ੂਨਦਾਨ ਕੈਂਪ ਲਗਾਇਆ ਗਿਆ ।ਅਸ਼ੋਕ ਬਹਿਲ ਸਕੱਤਰ ਰੈੱਡ ਕਰਾਸ ਵੱਲੋਂ ਦੱਸਿਆ ਗਿਆ ਕਿ ਕੋਰੋਨਾ ਮਹਾਂਮਾਰੀ ਕਰਕੇ ਵਿਸ਼ਵ ਰੈੱਡ ਕਰਾਸ ਦਿਵਸ ਤੇ ਕੋਈ ਵੱਡਾ ਸਮਾਗਮ ਨਹੀਂ ਕੀਤਾ ਗਿਆ ਬਲੱਡ ਬੈਂਕ ਵਿਚ ਖ਼ੂਨ ਦੀ ਘਾਟ ਨੂੰ ਮੁੱਖ ਰੱਖਦੇ ਹੋਏ ਹੈਲਪਿੰਗ ਹੈਂਡ ਫਿਰੋਜ਼ਪੁਰ ਅਤੇ ਮਨੁੱਖਤਾ ਬਲੱਡ ਸੇਵਾ ਫਿਰੋਜ਼ਪੁਰ ਦੇ ਸਹਿਯੋਗ ਨਾਲ ਖ਼ੂਨ ਦਾਨ ਕੈਂਪ ਲਗਾਇਆ ਗਿਆ ।ਇਸ ਕੈਂਪ ਵਿੱਚ 35 ਵਲੰਟੀਅਰਜ਼ ਵੱਲੋਂ ਸਵੈ ਇੱਛਾ ਨਾਲ ਖ਼ੂਨਦਾਨ ਕੀਤਾ ਗਿਆ ਸਕੱਤਰ ਰੈੱਡ ਕਰਾਸ ਵੱਲੋਂ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਕਿ ਇਸ ਮੁਸ਼ਕਿਲ ਦੀ ਘੜੀ ਵਿੱਚ ਵੱਧ ਤੋਂ ਵੱਧ ਨੌਜਵਾਨ ਖ਼ੂਨਦਾਨ ਕਰਨ ਲਈ ਅੱਗੇ ਆਉਣ ਅਤੇ ਸਰਕਾਰ ਵੱਲੋਂ ਕੋਵਿਡ 19 ਸਬੰਧੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਹੋਰਾਂ ਨੂੰ ਵੀ ਹਦਾਇਤਾਂ ਦੀ ਪਾਲਣਾ ਕਰਵਾਉਣ ਲਈ ਪ੍ਰੇਰਿਤ ਕਰਨ ਤਾਂ ਜੋ ਇਸ ਮਹਾਂਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ । ਰੈੱਡ ਕਰਾਸ ਵੱਲੋਂ ਇਸ ਮੌਕੇ ਖ਼ੂਨਦਾਨੀਆਂ ਨੂੰ ਐੱਨ 95 ਮਾਸਕ ਵੀ ਦਿੱਤੇ ਗਏ।ਇਸ ਮੌਕੇ ਸੁਨੀਲ ਦੱਤ ਜ਼ਿਲ੍ਹਾ ਟ੍ਰੇਨਿੰਗ ਅਫ਼ਸਰ ਰੈੱਡਕਰਾਸ ਅਰੁਣ ਜੇਤਲੀ, ਚੇਤਨ ਰਾਣਾ,ਚੇਤਨ ਸ਼ਰਮਾ, ਪੁਨੀਤ ਧਵਨ, ਹੈਲਪਿੰਗ ਐਂਡ ਫਿਰੋਜ਼ਪੁਰ ਤੋ ਯੋਗੇਸ਼ ਮਲਹੋਤਰਾ ਮੋਜੂਦ ਸਨ।ਡਾ ਡਿਸਵਿਨ ਬੀ ਟੀ ਓ ਸਿਵਲ ਹਸਪਤਾਲ ਫਿਰੋਜ਼ਪੁਰ ਵੱਲੋਂ ਕਿਹਾ ਗਿਆ ਕਿ ਕੋਰੋਨਾ ਮਹਾਂਮਾਰੀ ਕਰਕੇ ਬਲੱਡ ਬੈਂਕ ਵਿਚ ਖ਼ੂਨ ਦੀ ਘਾਟ ਚੱਲ ਰਹੀ ਸੀ ਇਸ ਕੈਂਪ ਤੋਂ ਪ੍ਰਾਪਤ ਖ਼ੂਨ ਥੈਲਾਸੀਮੀਆ ਐਕਸੀਡੈਂਟ ਕੇਸ ਗਰਭਵਤੀ ਔਰਤਾਂ ਕੈਂਸਰ ਰੋਗੀਆਂ ਦੀ ਜਾਨ ਬਚਾਉਣ ਲਈ ਕੰਮ ਆਵੇਗਾ ।ਰੈੱਡ ਕਰਾਸ ਕਰਮਚਾਰੀਆਂ ਮਿਸ ਸੋਨੀਆ ਆਨੰਦ ਮਿਸ ਰਜਨੀ ਮਲਹੋਤਰਾ ਜਗਦੀਸ਼ ਅਤੇ ਗੁਰਜੰਟ ਸਿੰਘ ਵਲੋਂ ਕੇਕ ਕੱਟ ਕੇ ਰੈੱਡ ਕਰਾਸ ਦਿਵਸ ਮਨਾਇਆ ਗਿਆ।